

**ਅੱਸੂ ਦੀ ਸੰਗਰਾਂਦ ਅੱਜ**

ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੈਲੰਡਰ ਅਨੁਸਾਰ ਅੱਸੂ ਮਹੀਨੇ ਦੀ ਸੰਗਰਾਂਦ ਅੱਜ। ਦੇਸ਼ ਵਿਦੇਸ਼ ਵਿੱਚ ਇਸ ਦਿਹਾੜੇ ਸਬੰਧੀ ਵਿਸ਼ੇਸ਼ ਦੀਵਾਨ ਸਜਾਏ ਜਾ ਰਹੇ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

www.awazeqaumtv.com

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

ਸੋਮਵਾਰ, 16 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਚੰਡੀਗੜ੍ਹ ਧਮਾਕੇ ਦੇ ਦੂਜੇ ਦੋਸ਼ੀ ਨੂੰ ਅਦਾਲਤ 'ਚ ਕੀਤਾ ਪੇਸ਼, 20 ਤਾਰੀਖ਼ ਤੱਕ ਰਿਮਾਂਡ 'ਤੇ



**ਚੰਡੀਗੜ੍ਹ/ਅੰਮ੍ਰਿਤਸਰ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸੈਕਟਰ-10 'ਚ ਕੋਠੀ 'ਤੇ ਗ੍ਰਨੇਡ ਨਾਲ ਹਮਲਾ ਕਰਨ ਵਾਲੇ ਮੁਲਜ਼ਮਾਂ 'ਚੋਂ ਹੁਣ ਤੱਕ ਪੁਲਸ ਨੇ 4 ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ ਹੈ। ਅੱਜ ਇੱਕ ਹੋਰ ਦੋਸ਼ੀ ਨੂੰ ਕਾਊਂਟਰ ਇੰਟੈਲੀਜੈਂਸ ਦੀ ਪੁਲਸ ਨੇ ਦਿੱਲੀ ਤੋਂ ਫੜ੍ਹ ਕੇ ਅੰਮ੍ਰਿਤਸਰ ਅਦਾਲਤ 'ਚ ਪੇਸ਼ ਕੀਤਾ। ਇੱਥੇ ਪੁਲਸ ਨੂੰ ਉਸ ਦਾ 20 ਸਤੰਬਰ ਤੱਕ ਦਾ ਰਿਮਾਂਡ ਹਾਸਲ ਹੋਇਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪੁਲਸ ਅਧਿਕਾਰੀ ਨੇ ਦੱਸਿਆ ਕਿ ਚੰਡੀਗੜ੍ਹ ਧਮਾਕਾ ਮਾਮਲੇ ਵਿੱਚ ਹੁਣ ਤੱਕ ਅਸੀਂ 4 ਦੋਸ਼ੀਆਂ ਨੂੰ ਕਾਬੂ ਕਰ ਚੁੱਕੇ ਹਾਂ ਅਤੇ ਇਸ ਦਾ ਨਾਂ ਵਿਸ਼ਾਲ ਮਸੀਹ ਹੈ। ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਸਾਨੂੰ 20 ਸਤੰਬਰ ਤੱਕ ਦਾ ਰਿਮਾਂਡ ਹਾਸਲ ਹੋਇਆ ਹੈ। ਰਿਮਾਂਡ ਦੌਰਾਨ ਹੋਰ ਵੀ ਖ਼ੁਲਾਸੇ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਿਸਤੌਲਾਂ ਦੇ ਮਾਮਲੇ ਦੇ ਵਿੱਚ ਵੀ ਇਨ੍ਹਾਂ ਨੂੰ ਕਾਬੂ ਕੀਤਾ ਗਿਆ ਹੈ ਅਤੇ ਉਸ ਦੀ ਵੀ ਪੁੱਛਗਿੱਛ ਚੱਲ ਰਹੀ ਹੈ। ਇਸ ਤੋਂ ਪਹਿਲਾਂ ਪੁਲਸ ਅਧਿਕਾਰੀ ਉਸ ਨੂੰ ਸਿਵਲ ਹਸਪਤਾਲ ਵਿੱਚ ਮੈਡੀਕਲ ਕਰਾਉਣ ਦੇ ਲਈ ਲੈ ਕੇ ਪੁੱਜੇ ਸਨ। ਉਸ ਦਾ ਮੈਡੀਕਲ ਕਰਵਾਉਣ ਤੋਂ ਬਾਅਦ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ।

## ਕਿਸਾਨਾਂ ਦੀ ਮਹਾਪੰਚਾਇਤੀ 'ਚ ਹੋਏ ਵੱਡੇ ਫੈਸਲੇ

# ਭਾਜਪਾ ਖ਼ਿਲਾਫ਼ ਕੱਢੀਆਂ ਜਾਣਗੀਆਂ ਵੱਡੀਆਂ ਰੈਲੀਆਂ

**ਚੰਡੀਗੜ੍ਹ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਜੀਂਦ ਵਿੱਚ ਅੱਜ ਕਿਸਾਨ ਜਥੇਬੰਦੀਆਂ ਨੇ ਕਿਸਾਨ-ਮਜ਼ਦੂਰ ਮਹਾਂਪੰਚਾਇਤ ਦਾ ਆਯੋਜਨ ਕੀਤਾ। ਮਹਾਂਪੰਚਾਇਤ ਦੀ ਪ੍ਰਧਾਨਗੀ ਗੈਰ ਸਿਆਸੀ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਅਭਿਮਨਿਊ ਕੋਹਾੜ ਨੇ ਕੀਤੀ। ਮਹਾਪੰਚਾਇਤ ਵਿੱਚ ਪੰਜਾਬ ਦੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਹਾਜ਼ਰ ਸਨ। ਇਸ ਦੌਰਾਨ ਅਨਾਜ ਮੰਡੀ ਵਿੱਚ ਭਾਰੀ ਪੁਲਿਸ ਫੋਰਸ ਤਾਇਨਾਤ ਰਹੀ। ਮਹਾਪੰਚਾਇਤ 'ਚ ਕਿਸਾਨਾਂ ਨੇ ਐਲਾਨ ਕੀਤਾ ਕਿ 22 ਸਤੰਬਰ ਨੂੰ ਪਿੱਪਲੀ 'ਚ ਮਹਾਪੰਚਾਇਤ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸਰਕਾਰ ਖਿਲਾਫ ਰੈਲੀਆਂ ਵੀ ਕੱਢੀਆਂ ਜਾਣਗੀਆਂ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਹਰਿਆਣਾ ਦੀ ਜਨਤਾ ਭਾਜਪਾ ਸਰਕਾਰ ਨੂੰ ਆਪਣੇ 10 ਸਾਲਾਂ ਦੇ ਰਾਜ ਦੀ ਸਜ਼ਾ ਦੇਣਾ ਚਾਹੁੰਦੀ ਹੈ। ਭਾਜਪਾ ਸਰਕਾਰ ਇਸ ਤੋਂ ਡਰੀ ਹੋਈ ਹੈ ਤੇ ਕਿਸਾਨਾਂ 'ਤੇ ਆਪਣਾ ਗੁੱਸਾ ਕੱਢ ਰਹੀ ਹੈ। ਕਿਸਾਨਾਂ ਤੇ ਮਜ਼ਦੂਰਾਂ 'ਤੇ ਗੋਲੀਆਂ ਚਲਾਉਣ ਵਾਲੀ ਸਰਕਾਰ ਨੂੰ ਲੋਕ ਮੁੜ ਸੱਤਾ 'ਚ ਨਹੀਂ ਆਉਣ ਦੇਣਗੇ। ਕਿਸਾਨ ਆਗੂ ਅਭਿਮਨਿਊ ਕੋਹਾੜ ਨੇ ਕਿਹਾ ਕਿ ਅਸੀਂ ਕਿਸੇ ਪਾਰਟੀ ਨੂੰ ਵੋਟ ਪਾਉਣ ਦੀ ਅਪੀਲ ਨਹੀਂ ਕਰਦੇ। ਅਸੀਂ ਸਿਰਫ ਇਹ ਕਹਿਣਾ ਚਾਹੁੰਦੇ ਹਾਂ ਕਿ ਤੁਸੀਂ ਪਿਛਲੇ 10 ਸਾਲਾਂ ਵਿੱਚ ਕਿਸਾਨਾਂ 'ਤੇ ਹੋਏ ਅੱਤਿਆਚਾਰਾਂ ਤੋਂ ਜਾਣੂ ਹੋ। ਕਿਸਾਨ ਅੰਦੋਲਨ 'ਚ ਝੂਠੇ ਕੇਸ ਦਰਜ ਕੀਤੇ ਗਏ, ਇਸ ਅੰਦੋਲਨ 'ਚ ਕਿਸਾਨਾਂ 'ਤੇ 5 ਹਜ਼ਾਰ ਕੇਸ ਦਰਜ ਕੀਤੇ ਗਏ। ਕਿਵੇਂ ਸ਼ੁਭਕਰਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਪ੍ਰਿਤਪਾਲ ਨੂੰ ਜੇਲ੍ਹ ਵਿੱਚ ਡੱਕ ਦਿੱਤਾ ਗਿਆ ਅਤੇ ਉਸ ਦੀਆਂ ਲੱਤਾਂ ਤੋੜ ਦਿੱਤੀਆਂ ਗਈਆਂ। ਅਸੀਂ ਇਸ ਸਭ ਨੂੰ ਧਿਆਨ ਵਿੱਚ ਰੱਖ ਕੇ ਵੋਟ ਪਾਉਣੀ ਹੈ। ਭਾਰਤੀ ਕਿਸਾਨ ਯੂਨੀਅਨ ਦੇ ਆਗੂ ਮਹਿੰਦਰ ਸਿੰਘ ਨੇ ਕਿਹਾ ਕਿ ਭਾਜਪਾ ਨੇ ਵਾਅਦਾ ਕੀਤਾ ਸੀ ਕਿ ਨੌਜਵਾਨਾਂ ਨੂੰ 2 ਕਰੋੜ ਨੌਕਰੀਆਂ ਦਿੱਤੀਆਂ ਜਾਣਗੀਆਂ। ਕਿਸਾਨਾਂ ਦੀ ਆਮਦਨ ਦੁੱਗਣੀ ਕੀਤੀ ਜਾਵੇਗੀ। ਮੋਦੀ ਸਰਕਾਰ ਨੇ ਸਿਰਫ 2 ਲੱਖ ਨੌਕਰੀਆਂ ਦਿੱਤੀਆਂ ਹਨ। ਸਵਾਮੀਨਾਥਨ ਦੀ ਰਿਪੋਰਟ ਲਾਗੂ ਨਹੀਂ ਕੀਤੀ ਗਈ। ਕਣਕ ਤਿਆਰ ਕਰਨ 'ਤੇ 3600 ਰੁਪਏ ਖਰਚ ਆਉਂਦਾ ਹੈ। ਜਦੋਂਕਿ ਭਾਅ 2300 ਰੁਪਏ ਪ੍ਰਤੀ ਕੁਇੰਟਲ ਹੈ। ਇਹ ਸਭ ਕਿਸਾਨਾਂ ਨੂੰ ਮਾਰਨ ਦੀਆਂ ਨੀਤੀਆਂ ਹਨ।



## ਪੰਜਾਬ ਦੇ ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਪੁਲਿਸ ਦਾ ਵੱਡਾ ਐਕਸ਼ਨ

**ਚੰਡੀਗੜ੍ਹ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਦੇ ਜੀਂਦ ਵਿੱਚ ਅੱਜ ਕਿਸਾਨ ਜਥੇਬੰਦੀਆਂ ਨੇ ਕਿਸਾਨ-ਮਜ਼ਦੂਰ ਮਹਾਂਪੰਚਾਇਤ ਬੁਲਾਈ ਹੈ। ਇਹ ਮਹਾਂਪੰਚਾਇਤ ਉਚਾਨਾ ਦੀ ਨਵੀਂ ਅਨਾਜ ਮੰਡੀ ਵਿੱਚ ਹੋ ਰਹੀ ਹੈ। ਇਸ ਲਈ ਕਿਸਾਨਾਂ ਨੇ ਪਹੁੰਚਣਾ ਸ਼ੁਰੂ ਕਰ ਦਿੱਤਾ ਹੈ। ਅਨਾਜ ਮੰਡੀ ਦੇ ਗੇਟ 'ਤੇ ਭਾਰੀ ਪੁਲਿਸ ਫੋਰਸ ਤਾਇਨਾਤ ਹੈ। ਇਸ ਤੋਂ ਪਹਿਲਾਂ ਸ਼ਨੀਵਾਰ-ਐਤਵਾਰ ਦੀ ਰਾਤ ਨੂੰ ਪੁਲਿਸ ਨੇ ਕੈਥਲ ਦੇ ਗੂਹਲਾ ਚੀਕਾ ਤੇ ਸੰਗਤਪੁਰਾ ਨੇੜੇ ਦੋ ਥਾਵਾਂ 'ਤੇ ਸੀਮਿੰਟ ਦੇ ਬੈਰੀਕੇਡ ਲਾ ਕੇ ਪੰਜਾਬ-ਹਰਿਆਣਾ ਸਰਹੱਦ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ। ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਆਗੂ ਅਭਿਮਨਿਊ ਕੋਹਾੜ ਨੇ ਦਾਅਵਾ ਕੀਤਾ ਹੈ ਕਿ ਮਹਾਂਪੰਚਾਇਤ ਵਿੱਚ ਹਰਿਆਣਾ ਤੋਂ ਇਲਾਵਾ ਪੰਜਾਬ ਦੇ 50 ਹਜ਼ਾਰ ਕਿਸਾਨ ਆ ਰਹੇ ਹਨ। ਉਧਰ, ਉਚਾਨਾ ਥਾਣੇ ਦੇ ਐਸਐਚਓ ਪਵਨ ਕੁਮਾਰ ਨੇ ਕਿਹਾ ਕਿ ਮਹਾਂਪੰਚਾਇਤ ਸਬੰਧੀ ਕਿਸਾਨਾਂ ਨੇ ਮਨਜ਼ੂਰੀ ਨਹੀਂ ਲਈ ਹੈ। ਇਸ ਕਾਰਨ ਅਧਿਕਾਰੀਆਂ ਦੇ ਹੁਕਮਾਂ 'ਤੇ ਚੀਕਾ ਵਿੱਚ ਬਾਰਡਰ ਸੀਲ ਕਰ ਦਿੱਤਾ ਗਿਆ ਹੈ। ਕਿਸਾਨ ਆਗੂ ਅਭਿਮਨਿਊ ਕੋਹਾੜ ਨੇ ਦੱਸਿਆ ਕਿ ਉਚਾਨਾ ਦੀ ਕਿਸਾਨ ਪੰਚਾਇਤ ਵਿੱਚ ਵੱਡੀ ਗਿਣਤੀ ਕਿਸਾਨ ਇਕੱਠੇ ਹੋ ਰਹੇ ਹਨ। ਸਾਡੀ ਪੰਚਾਇਤ ਦਾ ਇੱਕੋ ਇੱਕ ਉਦੇਸ਼ ਭਾਰਤੀ ਜਨਤਾ ਪਾਰਟੀ ਨੂੰ ਸਬਕ ਸਿਖਾਉਣਾ ਹੈ, ਜੋ ਪਿਛਲੇ 10 ਸਾਲਾਂ ਤੋਂ ਕਿਸਾਨਾਂ, ਮਜ਼ਦੂਰਾਂ ਤੇ ਬੇਰੁਜ਼ਗਾਰਾਂ 'ਤੇ ਜ਼ੁਲਮ ਤੇ ਅੱਤਿਆਚਾਰ ਕਰ ਰਹੀ ਹੈ। ਅਭਿਮਨਿਊ ਕੋਹਾੜ ਨੇ ਦੋਸ਼ ਲਾਇਆ ਕਿ ਪੁਲਿਸ ਨੇ ਕਿਸਾਨਾਂ ਨੂੰ ਨੋਟਿਸ ਜਾਰੀ ਕੀਤੇ ਹਨ। ਪੁਲਿਸ ਨੇ ਸਾਊਂਡ ਤੇ ਟੈਂਟ ਮਾਲਕਾਂ ਨੂੰ ਥਾਣੇ ਬੁਲਾ ਕੇ ਧਮਕੀ ਦਿੱਤੀ ਕਿ ਜੇਕਰ ਤੁਸੀਂ ਸਾਮਾਨ ਲੈ ਕੇ ਉੱਥੇ ਗਏ ਤਾਂ ਤੁਹਾਡੇ ਵਿਰੁੱਧ ਕਾਰਵਾਈ ਕੀਤੀ ਜਾਵੇਗੀ ਤੇ ਸਾਮਾਨ ਵੀ ਜ਼ਬਤ ਕਰ ਲਿਆ ਜਾਵੇਗਾ। ਕੋਹਾੜ ਨੇ ਕਿਹਾ ਕਿ ਅਸੀਂ ਕਿਸੇ ਸਿਆਸੀ ਪਾਰਟੀ ਨਾਲ ਨਹੀਂ ਜੁੜੇ। ਸਾਡੇ 'ਤੇ ਚੋਣ ਜ਼ਾਬਤਾ ਲਾਗੂ ਨਹੀਂ ਹੁੰਦਾ। ਮੰਡੀ ਕਿਸਾਨਾਂ ਦੀ ਹੈ ਤੇ ਸਾਨੂੰ ਇਜਾਜ਼ਤ ਲੈਣ ਦੀ ਲੋੜ ਨਹੀਂ। ਉਨ੍ਹਾਂ ਨੇ ਕਿਹਾ ਕਿ ਜੇਕਰ ਕਿਸਾਨਾਂ ਨੂੰ ਪੰਚਾਇਤ ਕਰਨ ਤੋਂ ਰੋਕਿਆ ਗਿਆ ਤਾਂ ਅਸੀਂ ਭਾਜਪਾ ਦੀਆਂ ਰੈਲੀਆਂ ਦਾ ਵੀ ਵਿਰੋਧ ਕਰਾਂਗੇ। ਜਦੋਂ ਉਹ ਕਿਸੇ ਵੀ ਪਿੰਡ ਵਿੱਚ ਵੋਟਾਂ ਮੰਗਣ ਜਾਣਗੇ ਤਾਂ ਉਨ੍ਹਾਂ ਨੂੰ ਫੋਰਸ ਨਾਲ ਲੈ ਕੇ ਜਾਣਾ ਪਵੇਗਾ। ਅਸੀਂ ਪਿੰਡਾਂ ਵਿੱਚ ਉਨ੍ਹਾਂ ਦਾ ਸਖ਼ਤ ਵਿਰੋਧ ਕਰਾਂਗੇ।

## 'ਦੇਸ਼ ਦਾ ਨੰਬਰ-1 ਅੱਤਵਾਦੀ ਹੈ ਰਾਹੁਲ ਗਾਂਧੀ', ਕੇਂਦਰੀ ਮੰਤਰੀ ਰਵਨੀਤ ਬਿੱਟੂ ਦਾ ਵਿਵਾਦਿਤ ਬਿਆਨ



**ਨਵੀਂ ਦਿੱਲੀ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਨੇਤਾ ਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ 'ਤੇ ਵਿਵਾਦਿਤ ਟਿੱਪਣੀ ਕੀਤੀ ਹੈ, ਜਿਸ ਤੋਂ ਬਾਅਦ ਸਿਆਸਤ ਗਰਮਾ ਗਈ ਹੈ। ਕੇਂਦਰੀ ਮੰਤਰੀ ਰਵਨੀਤ ਬਿੱਟੂ ਨੇ ਕਿਹਾ, "ਰਾਹੁਲ ਗਾਂਧੀ ਦੇਸ਼ ਦਾ ਨੰਬਰ 1 ਅੱਤਵਾਦੀ ਹੈ। ਉਹ ਦੇਸ਼ ਦਾ ਸਭ ਤੋਂ ਵੱਡਾ ਦੁਸ਼ਮਣ ਹੈ। ਦੇਸ਼ ਦੀਆਂ ਏਜੰਸੀਆਂ ਨੂੰ ਉਸ 'ਤੇ ਨਜ਼ਰ ਰੱਖਣੀ ਚਾਹੀਦੀ ਹੈ।" ਕੇਂਦਰੀ ਮੰਤਰੀ ਨੇ ਇਹ ਬਿਆਨ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਵੱਲੋਂ ਆਪਣੀ ਅਮਰੀਕਾ ਫੇਰੀ ਦੌਰਾਨ ਧਾਰਮਿਕ ਆਜ਼ਾਦੀ ਅਤੇ ਸਿੱਖ ਭਾਈਚਾਰੇ ਬਾਰੇ ਕੀਤੀ ਤਾਜ਼ਾ ਟਿੱਪਣੀ ਦੇ ਜਵਾਬ ਵਿੱਚ ਦਿੱਤਾ ਹੈ। ਉਨ੍ਹਾਂ ਨੇ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ 'ਤੇ ਮੁਸਲਮਾਨਾਂ ਤੇ ਹੁਣ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾ ਕੇ ਦੇਸ਼ ਨੂੰ ਵੰਡਣ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਗਾਇਆ ਹੈ। ਕੇਂਦਰੀ ਮੰਤਰੀ ਨੇ ਇਹ ਵੀ ਕਿਹਾ, "ਰਾਹੁਲ ਗਾਂਧੀ ਭਾਰਤੀ ਨਹੀਂ ਹਨ। ਉਨ੍ਹਾਂ (ਰਾਹੁਲ ਗਾਂਧੀ) ਨੇ ਆਪਣਾ ਜ਼ਿਆਦਾਤਰ ਸਮਾਂ ਦੇਸ਼ ਤੋਂ ਬਾਹਰ ਬਿਤਾਇਆ ਹੈ... ਉੱਥੇ ਉਨ੍ਹਾਂ ਦਾ ਪਰਿਵਾਰ ਅਤੇ ਦੋਸਤ ਹਨ, ਜਿਸ ਕਾਰਨ ਉਹ ਆਪਣੇ ਦੇਸ਼ ਨੂੰ ਬਹੁਤਾ ਪਿਆਰ ਨਹੀਂ ਕਰਦੇ। ਗਾਂਧੀ ਬਾਹਰ ਨਿਕਲਦੇ ਹਨ ਤੇ ਸਭ ਕੁਝ ਗਲਤ ਕਹਿੰਦੇ ਹਨ, ਹੁਣ ਰਾਹੁਲ ਗਾਂਧੀ ਕਦੇ ਓਬੀਸੀ ਦੀ ਗੱਲ ਕਰਦੇ ਹਨ ਅਤੇ ਕਦੇ ਜਾਤ ਬਾਰੇ। ਭਾਜਪਾ ਨੇਤਾ ਰਵਨੀਤ ਸਿੰਘ ਬਿੱਟੂ ਨੇ ਕਿਹਾ, "ਕਾਂਗਰਸ ਨੇ ਮੁਸਲਮਾਨਾਂ ਨੂੰ ਵਰਤਣ ਦੀ ਕੋਸ਼ਿਸ਼ ਕੀਤੀ, ਪਰ ਇਹ ਕੰਮ ਨਹੀਂ ਹੋਇਆ। ਹੁਣ ਉਹ ਸਿੱਖਾਂ ਨੂੰ ਵੰਡਣ ਦੀ ਕੋਸ਼ਿਸ਼ ਕਰ ਰਹੇ ਹਨ।" ਕਾਂਗਰਸੀ ਆਗੂ ਸੰਦੀਪ ਦੀਕਸ਼ਿਤ ਨੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਉਹ ਰਾਹੁਲ ਗਾਂਧੀ ਦੀ ਤਾਰੀਫ ਕਰਦੇ ਸਨ ਅਤੇ ਹੁਣ ਕਾਂਗਰਸ ਤੋਂ ਅਸਤੀਫਾ ਦੇ ਕੇ ਭਾਜਪਾ 'ਚ ਸ਼ਾਮਲ ਹੋ ਕੇ ਆਪਣੀ ਵਫ਼ਾਦਾਰੀ ਦਿਖਾ ਰਹੇ ਹਨ। ਉਹ ਬੇਤੁਕੇ ਬਿਆਨ ਦਿੰਦੇ ਰਹਿੰਦੇ ਹਨ। ਮੈਂ ਉਸਦੇ ਸ਼ਬਦਾਂ 'ਤੇ ਹੋਰ ਕੁਝ ਨਹੀਂ ਕਹਾਂਗਾ।"

## ਦੋ ਦਿਨਾਂ ਬਾਅਦ ਮੈਂ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦੇਵਾਂਗਾ : ਕੇਜਰੀਵਾਲ



**ਨਵੀਂ ਦਿੱਲੀ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮੁੱਖ ਮੰਤਰੀ ਸ਼੍ਰੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਦੋ ਦਿਨਾਂ ਬਾਅਦ ਮੈਂ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇ ਦੇਵਾਂਗਾ। ਸ਼੍ਰੀ ਅਰਵਿੰਦ ਕੇਜਰੀਵਾਲ ਨੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਅੱਜ ਮੈਂ ਤੁਹਾਡੇ ਵਿਚਕਾਰ ਆਇਆ ਹਾਂ, ਜਨਤਾ ਦੀ ਕਚਹਿਰੀ 'ਚ ਆਇਆ ਹਾਂ, ਮੈਂ ਤੁਹਾਨੂੰ ਇਹ ਪੁੱਛਣ ਆਇਆ ਹਾਂ ਕਿ ਤੁਸੀਂ ਕੇਜਰੀਵਾਲ ਨੂੰ ਇਮਾਨਦਾਰ ਮੰਨਦੇ ਹੋ ਜਾਂ ਅਪਰਾਧੀ। ਉਨ੍ਹਾਂ ਕਿਹਾ ਕਿ ਮੈਂ ਦਿੱਲੀ ਅਤੇ ਦੇਸ਼ ਦੇ ਲੋਕਾਂ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਕੀ ਕੇਜਰੀਵਾਲ ਇਮਾਨਦਾਰ ਹੈ ਜਾਂ ਅਪਰਾਧੀ। ਮੈਂ ਦੋ ਦਿਨਾਂ ਬਾਅਦ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਜਾ ਰਿਹਾ ਹਾਂ। ਉਨ੍ਹਾਂ ਕਿਹਾ ਕਿ ਮੈਂ ਉਦੋਂ ਤੱਕ ਮੁੱਖ ਮੰਤਰੀ ਦੀ ਕੁਰਸੀ 'ਤੇ ਨਹੀਂ ਬੈਠਾਂਗਾ ਜਦੋਂ ਤੱਕ ਜਨਤਾ ਆਪਣਾ ਫੈਸਲਾ ਨਹੀਂ ਦਿੰਦੀ। ਮੈਂ ਜਨਤਾ ਵਿੱਚ ਜਾਵਾਂਗਾ, ਹਰ ਗਲੀ ਵਿੱਚ ਜਾਵਾਂਗਾ, ਹਰ ਘਰ ਵਿੱਚ ਜਾਵਾਂਗਾ, ਜਦੋਂ ਤੱਕ ਜਨਤਾ ਇਹ ਫੈਸਲਾ ਨਹੀਂ ਦਿੰਦੀ ਕਿ ਕੇਜਰੀਵਾਲ ਇਮਾਨਦਾਰ ਹੈ, ਮੈਂ ਮੁੱਖ ਮੰਤਰੀ ਦੀ ਕੁਰਸੀ 'ਤੇ ਨਹੀਂ ਬੈਠਾਂਗਾ। ਉਨ੍ਹਾਂ ਕਿਹਾ ਕਿ ਭਾਜਪਾ ਮਹਿਸੂਸ ਕਰ ਰਹੀ ਹੈ ਕਿ ਉਹ ਉਨ੍ਹਾਂ ਨੂੰ ਜੇਲ੍ਹ ਭੇਜ ਕੇ ਸਾਡੀ ਪਾਰਟੀ ਨੂੰ ਤੋੜ ਦੇਣਗੇ। ਸਾਡੇ ਵਿਧਾਇਕਾਂ ਨੂੰ ਤੋੜ ਕੇ ਦਿੱਲੀ ਅਤੇ ਪੰਜਾਬ ਦੀਆਂ ਸਰਕਾਰਾਂ ਨੂੰ ਡੇਗ ਦੇਣਗੇ। ਆਮ ਆਦਮੀ ਪਾਰਟੀ ਉਨ੍ਹਾਂ ਦੀਆਂ ਸਾਜ਼ਿਸ਼ਾਂ ਦਾ ਡਟ ਕੇ ਮੁਕਾਬਲਾ ਕਰ ਰਹੀ ਹੈ। ਉਨ੍ਹਾਂ ਨੂੰ ਲੱਗਦਾ ਸੀ ਕਿ ਉਹ ਮੇਰਾ ਮਨੋਬਲ ਤੋੜ ਦੇਣਗੇ ਪਰ ਉਨ੍ਹਾਂ ਨੇ ਮੇਰਾ ਮਨੋਬਲ ਹੋਰ ਵਧਾ ਦਿੱਤਾ ਹੈ।

> ***ਕਿਹਾ, ਜਦੋਂ ਜਨਤਾ ਫ਼ੈਸਲਾ ਦੇਵੇਗੀ ਕਿ ਮੈਂ ਇਮਾਨਦਾਰ ਹਾਂ, ਤਾਂ ਹੀ ਮੁੱਖ ਮੰਤਰੀ ਦੀ ਕੁਰਸੀ 'ਤੇ ਬੈਠਾਂਗਾ***

**ਅਸਤੀਫ਼ੇ ਤੋਂ ਬਾਅਦ ਘਰ ਖਾਲੀ ਕਰਨਗੇ ਕੇਜਰੀਵਾਲ, 15 ਦਿਨਾਂ 'ਚ ਛੱਡਣਗੇ ਸੀਐੱਮ ਰਿਹਾਇਸ਼ :** ਜੇਲ੍ਹ ਤੋਂ ਬਾਹਰ ਆਉਂਦੇ ਹੀ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫਾ ਦੇਣ ਦਾ ਐਲਾਨ ਕਰ ਦਿੱਤਾ ਹੈ। 'ਆਪ' ਦਫ਼ਤਰ ਵਿੱਚ ਵਰਕਰਾਂ ਨੂੰ ਸੰਬੋਧਨ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਉਹ ਦੋ ਦਿਨਾਂ ਬਾਅਦ ਮੁੱਖ ਮੰਤਰੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦੇਣਗੇ। ਉਨ੍ਹਾਂ ਦਿੱਲੀ ਵਿਚ ਜਲਦੀ ਚੋਣਾਂ ਕਰਵਾਉਣ ਦੀ ਮੰਗ ਕੀਤੀ ਹੈ। ਸੂਤਰਾਂ ਦੀ ਮੰਨੀਏ ਤਾਂ ਕੇਜਰੀਵਾਲ ਆਪਣੇ ਅਸਤੀਫੇ ਦੇ 15 ਦਿਨਾਂ ਦੇ ਅੰਦਰ ਮੁੱਖ ਮੰਤਰੀ ਰਿਹਾਇਸ਼ ਖਾਲੀ ਕਰ ਦੇਣਗੇ। ਹਾਲਾਂਕਿ ਇਹ ਇੱਕ ਪ੍ਰੋਟੋਕੋਲ ਦਾ ਹਿੱਸਾ ਹੈ। ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਮੁੱਖ ਮੰਤਰੀ ਨੂੰ 15 ਦਿਨਾਂ ਦੇ ਅੰਦਰ ਆਪਣੀ ਰਿਹਾਇਸ਼ ਖਾਲੀ ਕਰਨੀ ਪਵੇਗੀ। ਧਿਆਨ ਦਿਓ ਕਿ ਦਿੱਲੀ ਵਿੱਚ ਕੋਈ ਅਧਿਕਾਰਤ ਮੁੱਖ ਮੰਤਰੀ ਨਿਵਾਸ ਨਹੀਂ ਹੈ। ਜਿਸ ਘਰ ਵਿੱਚ ਮੁੱਖ ਮੰਤਰੀ ਦਾ ਅਹੁਦਾ ਸੰਭਾਲਣ ਵਾਲਾ ਵਿਅਕਤੀ ਰਹਿੰਦਾ ਹੈ, ਉਸ ਨੂੰ ਸਰਕਾਰੀ ਮੁੱਖ ਮੰਤਰੀ ਰਿਹਾਇਸ਼ ਵਜੋਂ ਦੇਖਿਆ ਜਾਂਦਾ ਹੈ।

## ਦੀਪ ਸਿੱਧੂ ਦੇ ਭਰਾ ਨੂੰ ਮਿਲਿਆ ਵੱਡਾ ਹੁਲਾਰਾ, ਅੰਮ੍ਰਿਤਪਾਲ ਸਿੰਘ ਤੇ ਸਰਬਜੀਤ ਸਿੰਘ ਖਾਲਸਾ ਵੱਲੋਂ ਹਮਾਇਤ ਦਾ ਐਲਾਨ



**ਚੰਡੀਗੜ੍ਹ, 15 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵਾਰਿਸ ਪੰਜਾਬ ਦੇ ਸੰਸਥਾਪਕ ਦੀਪ ਸਿੱਧੂ ਦੇ ਭਰਾ ਮਨਦੀਪ ਸਿੰਘ ਸਿੱਧੂ ਗਿੱਦੜਬਾਹਾ ਤੋਂ ਜ਼ਿਮਨੀ ਚੋਣਾਂ ਲੜਨਗੇ। ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਅਤੇ ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਗਿੱਦੜਬਾਹਾ ਦੌਰੇ ਦੌਰਾਨ ਮਨਦੀਪ ਸਿੱਧੂ ਨੂੰ ਪੰਥਕ ਉਮੀਦਵਾਰ ਐਲਾਨਿਆ ਹੈ। ਉਨ੍ਹਾਂ ਗਿੱਦੜਬਾਹਾ ਵਿੱਚ ਨੁੱਕੜ ਮੀਟਿੰਗਾਂ ਵੀ ਕੀਤੀਆਂ। ਸੰਸਦ ਮੈਂਬਰ ਸਰਬਜੀਤ ਸਿੰਘ ਖਾਲਸਾ ਨੇ ਕਿਹਾ ਕਿ ਉਨ੍ਹਾਂ ਦੇ ਗਿੱਦੜਬਾਹਾ ਆਉਣ ਦੇ ਦੋ ਮਕਸਦ ਸਨ। ਇਕ ਤਾਂ ਉਨ੍ਹਾਂ ਲੋਕਾਂ ਦਾ ਧੰਨਵਾਦ ਕਰਨਾ ਹੈ ਜਿਨ੍ਹਾਂ ਨੇ ਉਨ੍ਹਾਂ ਨੂੰ ਵੱਡੇ ਫਰਕ ਨਾਲ ਜਿਤਾਇਆ। ਦੂਜਾ ਮਨਦੀਪ ਸਿੰਘ ਸਿੱਧੂ ਨੂੰ ਸਾਰਿਆਂ ਨਾਲ ਜਾਣੂ ਕਰਵਾਉਣਾ ਸੀ। ਜ਼ਿਮਨੀ ਚੋਣਾਂ 'ਚ ਗਿੱਦੜਬਾਹਾ ਤੋਂ ਮਨਦੀਪ ਸਿੰਘ ਸਿੱਧੂ ਉਮੀਦਵਾਰ ਹੋਣਗੇ। ਇਸ ਦੇ ਨਾਲ ਹੀ ਜਿਸ ਫਰਕ ਨਾਲ ਤੁਸੀਂ ਮੈਨੂੰ ਜਿਤਾਇਆ ਸੀ, ਉਸੇ ਫਰਕ ਨਾਲ ਮਨਦੀਪ ਸਿੱਧੂ ਨੂੰ ਜਿਤਾਉਣਾ ਹੈ। ਖਾਲਿਸਤਾਨ ਸਮਰਥਕ ਅਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਵੀ ਉਨ੍ਹਾਂ ਦੇ ਨਾਲ ਸਨ। ਤਰਸੇਮ ਸਿੰਘ ਨੇ ਕਿਹਾ ਕਿ ਮਨਦੀਪ ਸਿੰਘ ਸਿੱਧੂ ਇੱਕ ਸਮਝਦਾਰ ਵਿਅਕਤੀ ਹਨ ਅਤੇ ਜੇਕਰ ਉਹ ਜਿੱਤ ਜਾਂਦੇ ਹਨ ਤਾਂ ਉਹ ਲੋਕਾਂ ਦੀ ਆਵਾਜ਼ ਬਣ ਜਾਣਗੇ। ਦੱਸ ਦਈਏ ਕਿ ਫਰੀਦਕੋਟ ਦੇ ਬਰਗਾੜੀ ਵਿਖੇ 14 ਅਕਤੂਬਰ 2015 ਨੂੰ ਬਹਿਬਲ ਕਲਾਂ ਵਿਖੇ ਬੇਅਦਬੀ ਕਾਂਡ ਦੇ ਵਿਰੋਧ ਵਿੱਚ ਪ੍ਰਦਰਸ਼ਨ ਕਰ ਰਹੇ ਲੋਕਾਂ 'ਤੇ ਪੁਲਿਸ ਵੱਲੋਂ ਗੋਲੀ ਚਲਾ ਕੇ ਦੋ ਸਿੱਖ ਪ੍ਰਦਰਸ਼ਨਕਾਰੀ ਗੁਰਜੀਤ ਸਿੰਘ ਪਿੰਡ ਸਰਾਵਾਂ ਅਤੇ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਨਿਆਮੀਵਾਲਾ ਦੇ ਕ੍ਰਿਸ਼ਨ ਭਗਵਾਨ ਸਿੰਘ ਦੀ ਮੌਤ ਹੋ ਗਈ ਸੀ। ਹੁਣ ਕ੍ਰਿਸ਼ਨ ਭਗਵਾਨ ਸਿੰਘ ਦੇ ਪੁੱਤਰ ਸੁਖਰਾਜ ਸਿੰਘ ਨੇ ਵੀ ਗਿੱਦੜਬਾਹਾ ਤੋਂ ਚੋਣ ਲੜਨ ਦਾ ਐਲਾਨ ਕਰ ਦਿੱਤਾ ਹੈ। ਸੁਖਰਾਜ ਸਿੰਘ ਨੇ ਇਹ ਐਲਾਨ ਕਰਦਿਆਂ ਕਿਹਾ ਕਿ ਅਸੀਂ ਪਿਛਲੇ ਨੌਂ ਸਾਲਾਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਹਾਂ। ਸ਼ਾਂਤਮਈ ਧਰਨੇ ਦੌਰਾਨ ਮੇਰੇ ਪਿਤਾ ਦੀ ਹੱਤਿਆ ਕਰ ਦਿੱਤੀ ਗਈ, ਪਰ ਤਿੰਨ ਸਰਕਾਰਾਂ ਨੇ ਇਨਸਾਫ਼ ਨਹੀਂ ਦਿੱਤਾ। ਅਸੀਂ ਪ੍ਰਦਰਸ਼ਨਾਂ ਰਾਹੀਂ ਨੇਤਾਵਾਂ ਨੂੰ ਸਵਾਲ ਪੁੱਛਦੇ ਰਹੇ ਹਾਂ, ਪਰ ਜੋ ਵੀ ਸੱਤਾ ਵਿੱਚ ਆਉਂਦਾ ਹੈ, ਉਹ ਭੱਜਣ ਦੀ ਕੋਸ਼ਿਸ਼ ਕਰਦਾ ਹੈ। ਹੁਣ ਮੈਂ ਦੂਜੇ ਨੇਤਾਵਾਂ 'ਤੇ ਨਿਰਭਰ ਰਹਿਣ ਦੀ ਬਜਾਏ ਵਿਧਾਨ ਸਭਾ 'ਚ ਉਨ੍ਹਾਂ ਤੋਂ ਸਿੱਧੇ ਸਵਾਲ ਪੁੱਛਣਾ ਚਾਹੁੰਦਾ ਹਾਂ। ਅਸੀਂ ਵਿਧਾਨ ਸਭਾ ਵਿੱਚ ਉਨ੍ਹਾਂ ਦੇ ਵਿੱਚ ਆ ਕੇ ਉਨ੍ਹਾਂ ਦੇ ਨਾਲ ਲੜਾਂਗੇ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।


Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN — PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**



HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715 1-28621

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਪਵਿੱਤਰ ਸੰਗਰਾਂਦ ਦਾ ਦਿਹਾੜਾ

## ਸੰਗਰਾਂਦ ਦੇ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

## ਸੋਮਵਾਰ 16 ਸਤੰਬਰ 2024 ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ



ਰਾਗੀ ਭਾਈ ਸਤਿੰਦਰਬੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ

ਕੀਰਤਨੀ ਜਥਾ ਰਾਗੀ ਭਾਈ ਸਤਿੰਦਰਬੀਰ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਾਲੇ ਕੀਰਤਨ ਰਾਹੀਂ ਸਿੱਖ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸ਼ਾਮ ਨੂੰ ਚਾਹ ਪਕੌੜੇ ਅਤੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਸੰਤ ਹਰਚਰਨ ਸਿੰਘ ਕਮਾਣੇ ਵਾਲਿਆ ਦੀ ਸਲਾਨਾ ਯਾਦ ਵਿੱਚ

# ਬਰਸੀ ਸਮਾਗਮ ਦੌਰਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ













ਸੰਤ ਹਰਚਰਨ ਸਿੰਘ ਕਮਾਣੇ ਵਾਲਿਆ ਦੀ ਸਲਾਨਾ ਯਾਦ ਵਿੱਚ ਅੱਜ ਬਰਸੀ ਸਮਾਗਮ ਤੇ ਸਿੱਖ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਸੰਤ ਮਹਾਂਪੁਰਸ਼ ਅਤੇ ਸਾਧਸੰਗਤ,ਸਨਮਾਨਿਤ ਕਰਦੇ ਹੋਏ ਪ੍ਰਬੰਧਕ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪੰਜਾਬ ਵਿੱਚ ਵੀ ਹੋਵੇਗੀ

# ਬੀ.ਜੇ.ਪੀ. ਦੀ ਸਰਕਾਰ : ਕਰਨਲ ਇੰਦਰਪਾਲ ਸਿੰਘ ਧਾਲੀਵਾਲ







ਹਠੂਰ/ਜਗਰਾਉਂ – (ਵਰਿਆਮ ਹਠੂਰ) ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਜਗਰਾਉਂ ਵੱਲੋਂ ਮੈਂਬਰਸਿਪ ਅਭਿਆਨ ਦੇ ਤਹਿਤ ਹਲਕਾ ਜਗਰਾਉਂ ਦੇ ਇਤਿਹਾਸਕ ਕਸਬਾ ਹਠੂਰ ਵਿਖੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ, ਅਤੇ ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਦੀ ਅਗਵਾਈ ਵਿੱਚ ਮੰਡਲ ਹਠੂਰ ਦੇ ਸਾਬਕਾ ਪ੍ਰਧਾਨ ਰਣਜੋਧ ਸਿੰਘ ਹਠੂਰ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਮੰਡਲ ਹਠੂਰ ਦੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਵੱਲੋਂ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਸਮੇਤ ਪਹੁੰਚੇ ਸੀਨੀਅਰ ਆਗੂਆਂ ਨੂੰ ਗੁਲਦਸਤੇ ਦੇ ਕੇ ਜੀ ਆਇਆਂ ਆਖਿਆ, ਇਕੱਤਰ ਹੋਏ ਵਰਕਰਾਂ ਵੱਲੋਂ ਵੀ ਹਾਰ ਪਾ ਕੇ ਜ਼ਿਲ੍ਹਾ ਪ੍ਰਧਾਨ ਅਤੇ ਹੋਰ ਸੀਨੀਅਰ ਆਗੂਆਂ ਦਾ ਸਵਾਗਤ ਕੀਤਾ, ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਭਾਰਤੀ ਜਨਤਾ ਪਾਰਟੀ ਵੱਲੋਂ ਕੀਤੇ ਕੰਮਾਂ ਅਤੇ ਸਕੀਮਾਂ ਬਾਰੇ ਬਾਰੇ ਵਿਸਥਾਰ ਪੂਰਵਕ ਇਕੱਤਰ ਹੋਏ ਵਰਕਰਾਂ ਅਤੇ ਹੋਰ ਲੋਕਾਂ ਨੂੰ ਜਾਣਕਾਰੀ ਦਿੱਤੀ, ਅਤੇ ਅਨੇਕਾਂ ਵੀਰਾਂ ਭੈਣਾਂ ਨੂੰ ਪਾਰਟੀ ਦੇ ਮੁੱਢਲੇ ਮੈਂਬਰ ਬਣਾਇਆ ਗਿਆ, ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਕਿਹਾ ਕਿ ਬੀ ਜੇ ਪੀ ਪੰਜਾਬ ਵਿੱਚ ਤਾਕਤਵਰ ਹੋ ਰਹੀ ਹੈ। ਤੇ ਸੂਝਵਾਨ ਲੋਕ ਮੈਂਬਰਸ਼ਿੱਪ ਅਭਿਆਨ ਤਹਿਤ ਪਾਰਟੀ ਦੇ ਮੈਂਬਰ ਬਣ ਰਹੇ ਹਨ। ਜਿਨ੍ਹਾਂ ਨੂੰ ਸਾਡੇ ਵੱਲੋਂ ਜੀ ਆਇਆਂ ਆਖਿਆ ਜਾਂਦਾ ਹੈ। ਪਾਰਟੀ ਦੇ ਆਗੂ ਅਤੇ ਵਰਕਰ ਲਗਾਤਾਰ ਮਿਹਨਤ ਕਰ ਰਹੇ ਹਨ ਤੇ ਬੀ ਜੇ ਪੀ ਦੀਆਂ ਜੜ੍ਹਾਂ ਪੰਜਾਬ ਵਿੱਚ ਮਜ਼ਬੂਤ ਹੋ ਰਹੀਆਂ ਹਨ ਤੇ 2027 ਦੀਆਂ ਚੋਣਾਂ ਮੌਕੇ ਪੰਜਾਬ ਵਿੱਚ ਵੀ ਬੀ ਜੇ ਪੀ ਦੀ ਸਰਕਾਰ ਹੋਵੇਗੀ, ਇਸ ਮੌਕੇ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਠੂਰ ਵਿੱਚ ਬਹੁ ਗਿਣਤੀ ਟੀਚਰਾਂ ਦੀ ਘਾਟ ਅਤੇ ਸੀ ਐੱਚ ਸੀ ਹਸਪਤਾਲ ਵਿਖੇ ਡਾਕਟਰਾਂ ਦੀ ਘਾਟ ਦਾ ਮੁੱਦਾ ਵੀ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੇ ਧਿਆਨ ਵਿੱਚ ਲਿਆਂਦਾ ਅਤੇ ਲਿਖਤੀ ਮੰਗ ਪੱਤਰ ਦਿੱਤਾ, ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਭਰੋਸਾ ਦਵਾਇਆ ਕਿ ਉਹ ਇਸ ਮਸਲੇ ਨੂੰ ਉੱਪਰ ਤੱਕ ਲੈ ਕੇ ਜਾਣਗੇ, ਇਸ ਮੌਕੇ ਬੋਲਦਿਆਂ ਸਾਬਕਾ ਜਨਰਲ ਸਕੱਤਰ ਗੁਰਜੰਟ ਸਿੰਘ ਹਠੂਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਪਾਰਟੀ ਲਈ ਲਗਾਤਾਰ ਕੰਮ ਕਰਾਂਗੇ ਅਤੇ ਘਰ ਘਰ ਜਾ ਕੇ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ, ਸਕੀਮਾਂ, ਅਤੇ ਕੀਤੇ ਹੋਏ ਕੰਮਾਂ ਬਾਰੇ ਜਾਗਰੂਕ ਕਰਾਂਗੇ, ਇਸ ਮੌਕੇ ਸੀਨੀਅਰ ਆਗੂ ਗੁਰਸਿਮਰਨ ਸਿੰਘ ਰਸੂਲਪੁਰ, ਰੋਹਿਤ ਅਗਰਵਾਲ (ਰਾਇਸ ਟਰੇਡ ਸੈਲ ਬੀਜੇਪੀ ਕਨਵੀਨਰ ਪੰਜਾਬ) ਗੁਰਜੰਟ ਸਿੰਘ ਹਠੂਰ , ਸਾਬਕਾ ਮੰਡਲ ਪ੍ਰਧਾਨ ਰਣਜੋਧ ਸਿੰਘ ਹਠੂਰ, ਵਨੀਸ ਕੁਮਾਰ ਸਿੰਗਲਾ, ਹਰਜਿੰਦਰ ਸਿੰਘ, ਹਰਬੰਸ ਸਿੰਘ ਹਠੂਰ, ਗੁਰਪ੍ਰੀਤ ਸਿੰਘ ਝੋਰੜਾਂ, ਲਖਵੰਤ ਸਿੰਘ, ਧੰਨਾ ਸਿੰਘ, ਜੀਤ ਸਿੰਘ, ਗੁਰਦੇਵ ਸਿੰਘ, ਅਮਰਜੀਤ ਸਿੰਘ ਹਠੂਰ , ਨਿਰਮਲ ਸਿੰਘ ਚਕਰ, ਬਿੱਟੂ ਸਿੰਘ ਬਿੱਟਾ ਹਠੂਰ, ਸਮੇਤ ਅਨੇਕਾਂ ਵਰਕਰ ਅਤੇ ਹੋਰ ਬੀਬੀਆਂ ਭੈਣਾਂ ਹਾਜ਼ਰ ਸਨ।

### ਸਰਕਾਰੀ ਸਕੂਲਾਂ ਵਿੱਚ ਸਟਾਫ਼ ਦੀ ਘਾਟ ਅਤੇ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ ਦਾ ਵੀ ਚੱਕਿਆ ਮੁੱਦਾ

ਆਵਾਜ਼ਿ ਕੌਮ AWAZE QAUM International Newspaper & WEB TV

## ਡੱਬਵਾਲੀ ਤੋਂ ਕਾਂਗਰਸੀ ਉਮੀਦਵਾਰ ਅਮਿਤ ਸਿਹਾਗ ਦੇ ਹੱਕ 'ਚ

# ਚੋਣ ਪ੍ਰਚਾਰ ਲਈ ਉੱਤਰੇ ਜੀਤਮਹਿੰਦਰ ਸਿੱਧੂ



**ਤਲਵੰਡੀ ਸਾਬੋ, 14 ਸਤੰਬਰ (ਗੁਰਜੰਟ ਸਿੰਘ ਨਥੇਹਾ)**- 5 ਅਕਤੂਬਰ ਨੂੰ ਹੋਣ ਜਾ ਰਹੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਆਪੋ ਆਪਣੀਆਂ ਪਾਰਟੀਆਂ ਦੇ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ ਵਾਸਤੇ ਪੰਜਾਬ ਵਿੱਚੋਂ ਵੀ ਵੱਡੀ ਗਿਣਤੀ ਸਿਆਸੀ ਆਗੂ ਹਰਿਆਣਾ ਪੁੱਜਣੇ ਸ਼ੁਰੂ ਹੋ ਗਏ ਹਨ। ਇਸੇ ਕੜੀ ਤਹਿਤ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਰਹੇ, ਸੀਨੀਅਰ ਕਾਂਗਰਸੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਅੱਜ ਹਰਿਆਣਾ ਦੇ ਡੱਬਵਾਲੀ ਹਲਕੇ ਤੋਂ ਕਾਂਗਰਸੀ ਉਮੀਦਵਾਰ ਅਮਿਤ ਸਿਹਾਗ ਦੇ ਹੱਕ ਵਿੱਚ ਚੋਣ ਪ੍ਰਚਾਰ ਦੀ ਆਰੰਭਤਾ ਕਰਦਿਆਂ ਉਨਾਂ ਨਾਲ ਮੀਟਿੰਗ ਕਰ ਚੋਣ ਪ੍ਰਚਾਰ ਦੀ ਰੂਪ ਰੇਖਾ ਉਲੀਕੀ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਮੁਤਾਬਿਕ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਦੇ ਦਿਸ਼ਾ ਨਿਰਦੇਸ਼ ਮੁਤਾਬਿਕ ਪੰਜਾਬ ਦੇ ਕਾਂਗਰਸੀ ਆਗੂ ਹਰਿਆਣਾ ਚੋਣ ਪ੍ਰਚਾਰ 'ਚ ਸ਼ਾਮਿਲ ਹੋਣਾ ਸ਼ੁਰੂ ਹੋ ਗਏ ਹਨ ਅਤੇ ਇਸੇ ਲੜੀ ਤਹਿਤ ਅੱਜ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਨੇ ਸਿਰਸਾ ਜਿਲ੍ਹੇ ਦੇ ਹਲਕਾ ਡੱਬਵਾਲੀ ਤੋਂ ਕਾਂਗਰਸੀ ਉਮੀਦਵਾਰ ਅਮਿਤ ਸਿਹਾਗ ਨਾਲ ਮੀਟਿੰਗ ਕਰ ਸਮੁੱਚੇ ਡੱਬਵਾਲੀ ਹਲਕੇ 'ਚ ਪੈਂਦੇ ਪਿੰਡਾਂ ਅਤੇ ਉਨਾਂ ਪਿੰਡਾਂ 'ਚ ਟੀਮ ਸਿੱਧੂ ਵੱਲੋਂ ਕੀਤੇ ਜਾਣ ਵਾਲੇ ਚੋਣ ਪ੍ਰਚਾਰ ਸਬੰਧੀ ਰੂਪ ਰੇਖਾ ਉਲੀਕੀ। ਸਿੱਧੂ ਨੇ ਜਿੱਥੇ ਇਸ ਮੌਕੇ ਹਰਿਆਣਾ ਵਿੱਚ ਕਾਂਗਰਸ ਦੇ ਹੱਕ ਵਿੱਚ ਹਨੇਰੀ ਚੱਲਦੇ ਹੋਣ ਦਾ ਦਾਅਵਾ ਕੀਤਾ ਉੱਥੇ ਕਿਹਾ ਕਿ ਡੱਬਵਾਲੀ ਹਲਕੇ ਚ ਚੋਣ ਪ੍ਰਚਾਰ ਲਈ ਵਰਕਰਾਂ ਦੀ ਪਹਿਲੀ ਟੀਮ ਪੁੱਜ ਗਈ ਹੈ ਜਦੋਂਕਿ ਬਾਕੀ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ ਤਾਂਕਿ ਉਹ ਦਿੱਤੇ ਗਏ ਪਿੰਡਾਂ 'ਚ ਜਲਦ ਡਿਊਟੀਆਂ ਸੰਭਾਲ ਕੇ ਕਾਂਗਰਸੀ ਉਮੀਦਵਾਰ ਦੇ ਹੱਕ 'ਚ ਧੂੰਆਂਧਾਰ ਚੋਣ ਪ੍ਰਚਾਰ ਆਰੰਭ ਦੇਣ। ਇਸ ਮੌਕੇ ਬੌਬੀ ਸਿੱਧੂ ਪਥਰਾਲਾ, ਸੁਖਬੀਰ ਸਿੰਘ ਚੱਠਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਬਲਵੰਤ ਸਿੰਘ ਲੇਲੇਵਾਲਾ, ਡੂੰਗਰ ਸਿੰਘ ਸੀਂਗੋ, ਸੁਰਜੀਤ ਸ਼ਿੰਦੀ ਜਗਾ ਰਾਮ ਤੀਰਥ, ਬਹਾਦੁਰ ਸਿੰਘ ਸਾਬਕਾ ਸਰਪੰਚ, ਮਨਪ੍ਰੀਤ ਸਿੰਘ ਸ਼ੇਖਪੁਰਾ, ਮੇਜਰ ਰਾਮ ਸਾਬਕਾ ਸਰਪੰਚ, ਟਹਿਲ ਸਿੰਘ ਲਹਿਰੀ, ਮਲਕੀਤ ਸਿੰਘ ਲੇਲੇਵਾਲਾ ਆਦਿ ਆਗੂ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਉਦੋਨੰਗਲ ਵਿਖੇ ਦਹਾਕਿਆਂ ਤੋਂ ਕੱਚੇ ਬਜਾਰ ਨੂੰ ਪੱਕਾ ਕਰਨ ਦਾ ਕੰਮ ਸ਼ੁਰੂ



**ਚੌਂਕ ਮਹਿਤਾ, 15 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਨਿਰਦੇਸ਼ਾਂ ਤੇ ਪਿੰਡ ਉਦੋਨੰਗਲ ਵਿਚ ਵਿਕਾਸ ਦੇ ਕੰਮ ਜੰਗੀ ਪੱਧਰ ਤੇ ਸ਼ੁਰੂ ਕੀਤੇ ਗਏ ਹਨ। ਬੀਤੇ ਦਿਨੀ ਨੰਬਰਦਾਰ ਹਰਪਾਲ ਸਿੰਘ ਦੇ ਘਰ ਤੋਂ ਲੈ ਕੇ ਪਾਰਕ ਤਕ ਦੇ ਬਾਜ਼ਾਰ ਵਿਚ ਇੰਟਰਲਾਕ ਟਾਈਲਾਂ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ। ਜਿਸ ਦਾ ਉਦਘਾਟਨ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ ਅਤੇ ਬਲਾਕ ਪ੍ਰਧਾਨ ਜਰਮਨ ਉਦੋਨੰਗਲ ਨੇ ਸਾਂਝੇ ਤੌਰ ਤੇ ਕੀਤਾ। ਇਸ ਦੌਰਾਨ ਗੱਲਬਾਤ ਕਰਦਿਆਂ ਜਰਮਨ ਉਦੋਨੰਗਲ ਨੇ ਆਖਿਆ ਕਿ ਇਹ ਪਿੰਡ ਦਾ ਮੇਨ ਬਜਾਰ ਹੈ, ਜੋ ਦਹਾਕਿਆਂ ਤੋਂ ਕੱਚਾ ਚਲਦਾ ਆ ਰਿਹਾ ਸੀ, ਪੁਰਾਣੀਆਂ ਸਰਕਾਰਾਂ ਨੇ ਇਸ ਦੇ ਵੱਲ ਕੋਈ ਧਿਆਨ ਨਹੀਂ ਦਿੱਤਾ, ਇਥੋਂ ਲੰਘਣ ਵਾਲੇ ਪਿੰਡ ਵਾਸੀਆਂ ਅਤੇ ਸਕੂਲੀ ਬੱਚਿਆਂ ਨੂੰ ਆਮ ਦੇ ਨਾਲੋਂ ਬਰਸਾਤ ਦੇ ਦਿਨਾਂ ਵਿਚ ਭਾਰੀ ਪ੍ਰੇਸ਼ਾਨੀ ਝੱਲਣੀ ਪੈਂਦੀ ਸੀ। ਜਰਮਨ ਉਦੋਨੰਗਲ ਨੇ ਕਿਹਾ ਕਿ ਇਸੇ ਤਰਾਂ ਪਿੰਡ ਦੇ ਹੋਰ ਬਜਾਰ ਵੀ ਬਹੁਤ ਜਲਦ ਬਣਾਏ ਜਾਣਗੇ, ਆਉਣ ਵਾਲੇ ਸਮੇਂ ਵਿਚ ਪਿੰਡ ਦਾ ਕੋਈ ਰਸਤਾ ਕੱਚਾ ਨਹੀਂ ਰਹਿਣ ਦਿੱਤਾ ਜਾਵੇਗਾ। ਇਥੇ ਮੌਜੂਦ ਚੇਅਰਮੈਨ ਡਾ. ਰੰਧਾਵਾ ਨੇ ਆਖਿਆ ਕਿ ਮੰਤਰੀ ਹਰਭਜਨ ਸਿੰਘ ਈ. ਟੀ. ਓ. ਦਾ ਸੁਪਨਾ ਹੈ ਕਿ ਹਲਕਾ ਜੰਡਿਆਲਾ ਗੁਰੂ ਨੂੰ ਨਮੂਨੇ ਦਾ ਹਲਕਾ ਬਣਾਇਆ ਜਾਵੇ, ਇਸ ਲਈ ਪਿੰਡਾਂ, ਸਹਿਰਾ ਅਤੇ ਕਸਬਿਆਂ ਦੇ ਵਿਕਾਸ ਕਾਰਜਾਂ ਵਿਚ ਕੋਈ ਕਮੀ ਨਹੀਂ ਆਵੇਗੀ। ਇਸ ਮੌਕੇ ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਬਲਜੀਤ ਸਿੰਘ ਚਾਹਲ ਸੰਯੁਕਤ ਸਕੱਤਰ ਪੰਜਾਬ, ਪ੍ਰਧਾਨ ਜਗਮੇਲ ਸਿੰਘ, ਮੁਖਵਿੰਦਰ ਸਿੰਘ ਨੰਬਰਦਾਰ, ਅਮਰਜੀਤ ਸਿੰਘ ਭੋਲਾ, ਪਰਮਪਾਲ ਸਿੰਘ, ਜੋਗਾ ਸਿੰਘ, ਹਰਪਾਲ ਸਿੰਘ ਨੰਬਰਦਾਰ, ਸੁਖਦੇਵ ਸਿੰਘ, ਨਿਸਾਨ ਸਿੰਘ, ਪਿਆਰਾ ਸਿੰਘ, ਕੁਲਜੀਤ ਸਿੰਘ ਲੱਡੂ, ਦਰਸ਼ਨ ਸਿੰਘ ਮੰਡੀ ਬੋਰਡ, ਸਵਰਨ ਸਿੰਘ ਮੰਡੀ ਬੋਰਡ, ਤਰਸੇਮ ਸਿੰਘ ਪਰਜਾਪਤ, ਸੁਖਵਿੰਦਰ ਸਿੰਘ ਤੇ ਨਵਤਾਜ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਵੈਦ ਭਾਈ ਜਗਦੀਸ਼ ਸਿੰਘ ਖਾਲਸਾ ਮਹਿਤਾ ਵਾਲੇ ਲੋੜਵੰਦ ਲੋਕਾਂ ਲਈ ਬਣੇ ਮਨਸੀਹਾ



**ਚੌਂਕ ਮਹਿਤਾ 15 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਵੇਂ ਅੱਜ ਦੇ ਯੁਗ ਵਿੱਚ ਪਾਖੰਡੀ, ਲੁਟੇਰੇ, ਥਾਂ ਥਾਂ ਤੇ ਬੈਠੇ ਗਰੀਬ ਲੋਕਾਂ ਨੂੰ ਲੁੱਟ ਰਹੇ ਹਨ, ਪਰ ਮਹਿਤਾ ਪਿੰਡ ਦੇ ਵੈਦ ਭਾਈ ਜਗਦੀਸ਼ ਸਿੰਘ ਖਾਲਸਾ ਆਪਣੀ ਕਿਰਤ ਕਮਾਈ ਵਿੱਚੋਂ ਲੋੜਵੰਦ, ਗਰੀਬ ਲੋਕਾਂ ਦਿਨ ਰਾਤ ਇਕ ਕਰਕੇ ਗੁਰਸਿੱਖੀ ਦਾ ਪਰਚਾਰ, ਕੀਰਤਨ ਦੀ ਸੇਵਾ ਕਰਕੇ, ਅਨੇਕਾਂ ਹੀ ਪਿੰਡ ਦੇ ਵਿਕਾਸ ਲਈ ਪੱਕੀਆਂ ਗਲੀਆਂ ਨਾਲੀਆ, ਲੋੜਵੰਦ ਗਰੀਬ ਲੜਕੀਆਂ ਵਿਆਹ ਆਨੰਦ ਕਾਰਜ ਕਰਨੇ ਖਰਚਾ ਆਪਣੀ ਜੇਬ ਵਿੱਚੋਂ ਕਰਨਾ, ਗੁਰਬਾਣੀ ਦੇ ਨਾਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਪ੍ਰਚਾਰ ਕਰਨਾ, ਅਤੇ ਭਗਵਾਨ ਬਾਲਮੀਕ ਜੀ ਮੰਦਰ ਦੇ ਕਮਰਿਆਂ ਦੀ ਸੇਵਾ ਆਪਣੀ ਜੇਬ ਵਿੱਚੋਂ ਕਰਨੀ, ਜਿਹੜੀਆਂ ਬੀਬੀਆ ਦੇ ਘਰ ਵਿੱਚ ਉਲਾਦ ਨਹੀਂ ਉਨ੍ਹਾਂ ਭੈਣਾ ਬੀਬੀਆ ਦਿਵਾਈ ਦੇਕੇ ਸੈਕੜੇ ਬੀਬੀਆ ਭੈਣਾ ਘਰ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਕਿਰਪਾ ਨਾਲ ਬੱਚੇ ਖੇਡ ਰਹੇ ਹਨ, ਪਿੰਡ ਵਿੱਚ ਕੋਈ ਗਰੀਬ ਦੀ ਮੌਤ ਹੋ ਜਾਂਦੀ ਹੈ, ਉਸ ਸੰਸਕਾਰ ਅਤੇ ਸ੍ਰੀ ਆਖੰਡ ਪਾਠ ਤੱਕ ਸਾਰਾ ਖਰਚ ਆਪਣੇ ਕੋਲੋ ਕਰਨਾ, ਗਰੀਬ ਲੋਕ ਵੈਦ ਭਾਈ ਜਗਦੀਸ਼ ਸਿੰਘ ਖਾਲਸਾ ਜੀ ਲੰਮੀਆਂ ਉਮਰਾਂ ਦੀ ਤੰਦਰੁਸਤੀ ਦੀਆਂ ਵਾਹਿਗੁਰੂ ਜੀ ਚਰਨਾਂ ਵਿੱਚ ਅਰਦਾਸ ਬੇਨਤੀ ਕਰਦੇ ਹਨ, ਤਾਕਿ ਇਸ ਤਰ੍ਹਾਂ ਲੋੜਵੰਦ ਲੋਕਾਂ ਦੀ ਸੇਵਾ ਕਰਦੇ ਰਹਿਣ ਥੋੜੇ ਦਿਨ ਪਹਿਲਾਂ ਗੁਰਨਾਮ ਸਿੰਘ ਦੀ ਲੜਕੀ ਵਿਆਹ ਤੇ ਫਰਿਜ ਦੀ ਕਰਦੇ ਹੋਏ ਵੈਦ ਭਾਈ ਜਗਦੀਸ਼ ਸਿੰਘ ਖਾਲਸਾ ਮਹਿਤਾ ਵਾਲੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਜਿਲਾ ਗੁਰਦਾਸਪੁਰ ਅਤੇ ਪਠਾਨਕੋਟ ਫਰੀਡਮ ਫਾਈਟਰਾਂ ਦੇ

# ਆਸ਼ਰਿਤ ਪਰਿਵਾਰਾਂ ਦੀ ਮੀਟਿੰਗ ਲਾਧੂਪੁਰ ਵਿਖੇ ਹੋਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 15 ਸਤੰਬਰ (ਕੁਲਜੀਤ ਸਿੰਘ ਖੋਖਰ)**-ਜਿਲਾ ਗੁਰਦਾਸਪੁਰ ਅਤੇ ਪਠਾਨਕੋਟ ਫਰੀਡਮ ਫਾਈਟਰ ਦੇ ਆਸ਼ਿਰਤਾਂ ਦੇ ਪਰਿਵਾਰਾਂ ਦੀ ਵਿਸ਼ੇਸ਼ ਮੀਟਿੰਗ ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ ਦੀ ਪ੍ਰਧਾਨਗੀ ਹੇਠ ਫਰੀਡਮ ਫਾਈਟਰ ਬਾਪੂ ਗੁਰਚਰਨ ਸਿੰਘ ਚੈਰੀਟੇਬਲ ਟਰੱਸਟ ਲਾਧੂਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਦੇ ਲਗਭਗ 45 ਮੈਂਬਰ ਸ਼ਾਮਿਲ ਹੋਏ ਇਸ ਮੀਟਿੰਗ ਵਿੱਚ ਬਹੁਤ ਸਾਰੇ ਅਜੰਡਿਆਂ ਤੇ ਵਿਚਾਰ ਚਰਚਾ ਕੀਤੀ ਗਈ ,ਜਿਨਾਂ ਵਿੱਚ ਮੁੱਖ ਤੌਰ ਤੇ ਰਾਮ ਸਿੰਘ ਦੱਤ ਹਾਲ ਦੀ ਬਿਲਡਿੰਗ ਨੂੰ ਗਲਤ ਤਰੀਕੇ ਨਾਲ ਕਿਰਾਏ ਤੇ ਦੇਣਾ, ਫਰੀਡਮ ਫਾਈਟ ਪਰਿਵਾਰਾਂ ਦੇ ਕੰਮਾਂ ਤੇ ਸਰਕਾਰਾਂ ਵੱਲੋਂ ਕਾਰਵਾਈ ਨਾ ਕਰਨਾ, ਟੋਲ ਪਲਾਜੇ ਤੇ ਹੁੰਦੀ ਖੱਜਲ ਖੁਆਰੀ, ਸਰਕਾਰੀ ਪਾਰਕਿੰਗ ਵਿੱਚ ਪਰਚੀ ਤੋਂ ਛੋਟ ਦੇਣੀ, ਜ਼ਿਲਾ ਕਚਹਿਰੀਆਂ ਤੇ ਹੋਰ ਥਾਵਾਂ ਤੇ ਐਫਐਫ ਉੱਤਰ ਅਧਿਕਾਰੀ ਬੱਚਿਆਂ ਨੂੰ ਬੂਥ ਦੇਣੇ, ਨੌਕਰੀਆਂ ਵਿੱਚ 5% ਕੋਟਾ ਬਹਾਲ ਕਰਨਾ, ਉੱਤਰਾਖੰਡ ਸਰਕਾਰ ਦੇ ਪੈਟਰਨ ਤੇ ਆਸਰਿਤ ਪਰਿਵਾਰਾਂ ਨੂੰ ਪੈਨਸ਼ਨ ਦੇਣਾ ਅਤੇ ਹੋਰ ਬਹੁਤ ਸਾਰੇ ਗੰਭੀਰ ਮਸਲੇ ਵਿਚਾਰੇ ਗਏ ਅਤੇ ਸਰਬਸੰਮਤੀ ਨਾਲ ਪਾਸ ਕੀਤੇ ਗਏ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ, ਸਿੰਦਰਪਾਲ ਬਟਾਲਾ ,ਤਰਸੇਮ ਸਿੰਘ ,ਯੁੱਧਵੀਰ ਸਿੰਘ, ਠਾਕੁਰ ਕਸ਼ਮੀਰ ਸਿੰਘ ,ਸੁਖਦੇਵ ਸਿੰਘ ਬੁੱਟਰ, ਰਜਿੰਦਰ ਕੁਮਾਰ ,ਰਾਜਵਿੰਦਰ ਕੌਰ, ਭੁਪਿੰਦਰ ਸਿੰਘ ਖਜਾਨਚੀ, ਰਜਨੀਸ਼ ਕੁਮਾਰ, ਦਰਸ਼ਨ ਸਿੰਘ, ਸਰਵਨ ਸਿੰਘ, ਨਾਨਕ ਸਿੰਘ ਭਾਗੋਵਾਲ, ਜਸਬੀਰ ਸਿੰਘ, ਦਿਲਬਾਗ ਸਿੰਘ ਭੁੱਲੇਚੱਕ, ਕੇਵਲ ਕ੍ਰਿਸ਼ਨ ,ਭੁਪਿੰਦਰ ਸਿੰਘ ਹਯਾਤਨਗਰ, ਭੁਪਿੰਦਰ ਸਿੰਘ ਹਰਚੋਵਾਲ ਅਤੇ ਹੋਰ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਵਿੱਚ ਗੈਰ ਪੰਜਾਬੀਆਂ ਤੇ ਜ਼ਮੀਨ -ਜਾਇਦਾਦ ਖ਼ੀਦਣ ਤੇ ਰੋਕ ਲਗਾਉਣ ਲਈ

# ਕਾਨੂੰਨ ਬਣਾਉਣ ਦੀ ਮੰਗ ਕੀਤੀ : ਗਗਨਦੀਪ ਸਿੰਘ ਰਿਆੜ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 15 ਸਤੰਬਰ (ਕੁਲਜੀਤ ਸਿੰਘ ਖੋਖਰ)**-ਪੰਜਾਬ ਵਿੱਚ ਗੈਰ ਪੰਜਾਬੀਆਂ ਤੇ ਜ਼ਮੀਨ -ਜਾਇਦਾਦ ਖ਼ੀਦਣ ਤੇ ਰੋਕ ਲਗਾਉਣ ਲਈ ਕਾਨੂੰਨ ਬਣਾਉਣ ਦੀ ਮੰਗ ਕਰਦਿਆਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਪ੍ਰਧਾਨ ਪਰਮਿੰਦਰ ਸਿੰਘ ਢੀਂਗਰਾ ਤੇ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਭਾਈ ਗਗਨਦੀਪ ਸਿੰਘ ਰਿਆੜ ਨੇ ਪੰਜਾਬ ਵਿੱਚ ਗੈਰ ਪੰਜਾਬੀਆਂ ਤੇ ਜ਼ਮੀਨ -ਜਾਇਦਾਦ ਖ਼ੀਦਣ ਤੇ ਰੋਕ ਲਗਾਉਣ ਲਈ ਕਾਨੂੰਨ ਬਣਾਉਣ ਦੀ ਮੰਗ ਕੀਤੀ ਤਾਂ ਜੋ ਪੰਜਾਬ ਦੀ ਭਾਸ਼ਾਈ ਵਿਭਿੰਨਤਾ ਨੂੰ ਬਰਕਾਰ ਰੱਖਿਆ ਜਾ ਸਕੇ ।ਉਨ੍ਹਾਂ ਕਿਹਾ ਕਿ ਜਿਸ ਤਰਾਂ

ਹਿਮਾਚਲ , ਰਾਜਸਥਾਨ ਤੇ ਉਤਰਾਖੰਡ ਵੱਲੋਂ ਸੂਬੇ ਤੋਂ ਬਾਹਰਲੇ ਲੋਕਾਂ ਤੇ ਜ਼ਮੀਨ ਖ਼ੀਦਣ ਤੇ ਪਾਬੰਦੀ ਲਗਾਈ। ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਮੌਜੂਦ ਸਾਰੇ ਵਿਦਿਅਕ ਅਦਾਰੇ ਸਰਕਾਰੀ ,ਗੈਰ ਸਰਕਾਰੀ ,ਸਕੂਲ ,ਕਾਲਜ ,ਯੂਨਿਵਰਸਟੀਆਂ ਵਿੱਚ 100% ਅਧਿਆਪਕ / ਪ੍ਰੋਫੈਸਰ ਪੰਜਾਬੀ ਹੋਣ ਇਸ ਗੱਲ ਨੂੰ ਯਕੀਨੀ ਬਣਾਉਣ ਲਈ ਸਰਕਾਰ ਕਾਨੂੰਨ ਬਣਾਵੇ ,ਕਿਉਂਕਿ ਸਾਜਿਸ਼ ਅਧੀਨ ਯੋਜਨਾਬੱਧ ਤਰੀਕੇ ਨਾਲ ਗੈਰ ਪੰਜਾਬੀ ਅਧਿਆਪਕ ਰੱਖੇ ਜਾਂ ਰਹੇ ਹਨ ,ਜੋ ਪੰਜਾਬ ਦੇ ਵਿਦਿਆਰਥੀਆਂ ਨੂੰ ਮਾਨਸਿਕ ਤਰੀਕੇ ਨਾਲ ਪੰਜਾਬ ਤੋਂ ਦੂਰ ਜਾਣ , ਪੰਜਾਬੀ ਨਾ ਬੋਲਣ ਤੇ ਪੰਜਾਬੀ ਸੱਭਿਆਚਾਰ ਤੋਂ ਦੂਰ ਕਰ ਰਹੇ ਹਨ।ਗਗਨਦੀਪ ਸਿੰਘ ਰਿਆੜ ਨੇ ਅੱਗੇ ਕਿਹਾ ਕਿ ਕੇਂਦਰ ਵੱਲੋਂ ਨਵੇਂ ਬਣਾਏ ਕਾਨੂੰਨ ਬੀ. ਐਨ. ਐਸ ਦੀ ਧਾਰਾ 298,299 ਵਿੱਚ ਸੋਧ ਦੀ ਮੰਗ ਕਰਦੇ ਹੋਏ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ/ ਕਿਸੇ ਵੀ ਧਰਮ ਦੇ ਧਾਰਮਿਕ ਗ੍ਰੰਥ ਦੀ ਬੇਅਦਬੀ , ਕਰਨ ਵਾਲੇ ਨੂੰ ਮੌਤ ਦੀ ਸਜ਼ਾ ਜਾਂ ਘੱਟੋ -ਘੱਟ ਉਮਰ ਕੈਦ ਤੈਅ ਕੀਤੀ ਜਾਵੇ ।ਤਾਂ ਜੋ ਬੇਅਦਬੀ ਦੀਆਂ ਘਟਨਾਵਾਂ ਨੂੰ ਠੱਲ ਪਾਈ ਦਾ ਸਕੇ : ਸ਼੍ਰੋਮਣੀ ਕਮੇਟੀ ਆਪਣੇ ਬਜਟ ਦਾ 20 % ਪੈਸਾ ਗਰੀਬ ਸਿੱਖਾਂ ਦੇ ਇਲਾਜ , ਸਿੱਖਿਆ ਤੇ ਖਰਚ ਕਰਨ ਨੂੰ ਯਕੀਨੀ ਬਣਾਵੇ , ਤੇ ਇਸ ਲਈ ਜ਼ਿਲਾ ਪੱਧਰ ਤੱਕ ਦਫ਼ਤਰ ਖੋਲੇ ਜਾਣ ਤਾਂ ਜੋ ਪੰਜਾਬ ਵਿੱਚ ਵੱਧ ਰਹੇ ਧਰਮ ਪਰਿਵਰਤਨ ਨੂੰ ਰੋਕਿਆ ਜਾ ਸਕੇ ਜੋ ਕਿ ਲਾਲਚ ਅਤੇ ਝੂਠੇ ਚਮਤਕਾਰ ਰਾਹੀਂ ਗਰੀਬ ਲੋਕਾਂ ਨੂੰ ਆਪਣੇ ਜਾਲ ਵਿੱਚ ਫਸਾ ਰਹੇ ਹਨ । ਫੈਡਰੇਸ਼ਨ ਵੱਲੋਂ ਪੰਜਾਬ ਨੂੰ ਮਾਰੂਥਲ ਬਣਨ ਤੋਂ ਰੋਕਣ ਲਈ ਅਪੀਲ ਕੀਤੀ ਕਿ 10 ਕਿੱਲਿਆਂ ਵਾਲੇ ਜਿੰਮੀਦਾਰ ਜਾਂ ਐਨ .ਆਰ. ਆਈ ਘੱਟੋ -ਘੱਟ 1 ਕਿੱਲੇ ਵਿੱਚ ਜੰਗਲ ਲਗਾਉਣ ਤੇ ਛੋਟੇ ਕਿਸਾਨ ਮੋਟਰ ਤੇ ਪੰਜ ਰੁੱਖ ਲ਼ਗਾਉਣ , ਤੇ ਇਸ ਮੁਹਿੰਮ ਦੀ ਸ਼ੁਰੂਆਤ ਗੁਰੂ ਨਾਨਕ ਦੇਵ ਜੀ ਦੇ ਆ ਰਹੇ 555 ਵੇਂ ਪ੍ਰਕਾਸ਼ ਪੁਰਬ ਤੇ ਕਰਨ ਦਾ ਐਲਾਨ ਕੀਤਾ ਤੇ ਇਸ ਦੀ ਪੂਰਤੀ ਲਈ ਜੱਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ ਨੂੰ ਬੇਨਤੀ ਕੀਤੀ ਕਿ ਉਹ ਸਿੱਖ ਕਿਸਾਨਾਂ ਨੂੰ ਆਦੇਸ਼ ਦੇਣ ਤਾਂ ਜੋ ਗੁਰੂਆਂ ਦੀ ਧਰਤੀ ਨੂੰ ਮਾਰੂਥਲ ਬਣਨ ਤੋਂ ਬਚਾਇਆ ਜਾ ਸਕੇ ।

**ਸ਼੍ਰੋਮਣੀ ਕਮੇਟੀ ਆਪਣੇ ਬਜਟ ਦਾ 20 % ਪੈਸਾ ਗਰੀਬ ਸਿੱਖਾਂ ਦੇ ਇਲਾਜ , ਸਿੱਖਿਆ ਤੇ ਖਰਚ ਕਰਨ ਨੂੰ ਯਕੀਨੀ ਬਣਾਵੇ: ਗਗਨਦੀਪ ਰਿਆੜ**

ਇਸ ਮੌਕੇ ਜਗਰੂਪ ਸਿੰਘ ਚੀਮਾ , ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ , ਗੁਰਮੁੱਖ ਸਿੰਘ ਸੰਧੂ , ਪ੍ਰਭਜੋਤ ਸਿੰਘ ਫਰੀਦਕੋਟ , ਗੁਰਨਾਮ ਸਿੰਘ, ਗਗਨਦੀਪ ਸਿੰਘ ਰਿਆੜ , ਸੁਖਵਿੰਦਰ ਸਿੰਘ ਪਾਹੜਾ ਵੱਲੋਂ ਉਕਤ ਮਤਿਆਂ ਦੀ ਸ਼ਲਾਘਾ ਕੀਤੀ ਗਈ । ।ਇਸ ਮੌਕੇ ਸ਼ਹੀਦ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ।ਜਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਨਿੱਜੀ ਸਹਾਇਕ ਨੂੰ ਮੰਗ ਪੱਤਰ ਵੀ ਸੌਪਿਆ ਗਿਆ ।ਸਮਾਗਮ ਵਿੱਚ ਹਰਜਿੰਦਰ ਸਿੰਘ ਜਿੰਦਾ , ਮਨਜੀਤ ਸਿੰਘ ਕਰਤਾਰਪੁਰ , ਕਮਲਚਰਨਜੀਤ ਸਿੰਘ ਹੈਪੀ , ਦਵਿੰਦਰ ਸਿੰਘ ਸੰਤ ਸਿਪਾਹੀ , ਹਰਦੀਪ ਸਿੰਘ ਜਲਾਲ, ਲਵਪ੍ਰੀਤ ਸਿੰਘ ਬਟਾਲਾ, ਜਤਿੰਦਰ ਸਿੰਘ ਮਝੈਲ , ਗੁਰਸ਼ਰਨ ਸਿੰਘ ਗਿੱਲ , ਪਰਮਜੀਤ ਸਿੰਘ ਸੰਧੂ , ਪਰਮਜੀਤ ਸਿੰਘ ਤਨੇਲ , ਗਗਨਦੀਪ ਸਿੰਘ ਨਾਗੀ, ਬਲਦੇਵ ਸਿੰਘ , ਐਡਵੋਕੇਟ ਜਸਬੀਰ ਸਿੰਘ , ਅਵਨਿੰਦਰ ਸਿੰਘ ਪਟਿਆਲਾ ,ਕੁਲਦੀਪ ਸਿੰਘ ਕੁੱਕੂ , ਗੁਰਵਿੰਦਰ ਸਿੰਘ , ਗੁਰਪ੍ਰੀਤ ਸਿੰਘ ਜੋਹਲ ,ਹਰਦੀਪ ਸਿੰਘ ਜਲਾਲ , ਗੁਰਪ੍ਰੀਤ ਸਿੰਘ ,ਸਤਿੰਦਰ ਸਿੰਘ ਪਾਲੀ , ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਅੰਤਰਰਾਸਟਰੀ ਅਲਾਇੰਸ ਕਲੱਬ ਐਸੋਸ਼ੀਏਸਨ ਅਤੇ ਅਨੀਤਾ ਡਾਂਗ ਸੰਸਥਾ ਵੱਲੋਂ ਲੈਕਚਰਾਰ ਸ਼੍ਰੀਮਤੀ ਖੁਸ਼ਿਵੰਦਰ ਕੌਰ ਦਾ ਸਨਮਾਨ



**ਚੌਕ ਮਹਿਤਾ, 15 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਰਤੀ ਫਲਸਫੇ ਅਨੁਸਾਰ ਗੁਰੂ ਦਾ ਦਰਜਾ ਪ੍ਰਮਾਤਮਾ ਤੋਂ ਉੱਪਰ ਹੈ ਸੋ ਸਾਨੂੰ ਸਭ ਨੂੰ ਅਧਿਆਪਕ ਦਾ ਸਤਿਕਾਰ ਕਰਨਾ ਚਾਹੀਦਾ ਹੈ ਤਾਂ ਹੀ ਅਧਿਆਪਕ ਦਿਵਸ ਮਨਾਉਣ ਦੀ ਅਸਲ ਭਾਵਨਾ ਸਾਕਾਰ ਹੋ ਸਕਦੀ ਹੈ।ਹਰ ਸਾਲ ਸਤੰਬਰ ਮਹੀਨੇ ਅਧਿਆਪਕ ਦਿਵਸ ਹੋਣ ਕਾਰਨ ਜਿੱਥੇ ਸਰਕਾਰਾਂ ਵੱਖ ਵੱਖ ਖੇਤਰਾਂ ਚ ਮੱਲਾਂ ਮਾਰਨ ਵਾਲੇ, ਮਿਹਨਤਕਸ਼ ਅਧਿਆਪਕਾਂ ਦਾ ਸਨਮਾਨ ਕਰਦੀਆਂ ਹਨ ਉੱਥੇ ਹੀ ਦੁਨੀਆ ਭਰ ਦੀਆਂ ਨਾਮਵਰ ਸੰਸਥਾਵਾਂ ਵੀ ਅਧਿਆਪਕਾਂ ਦਾ ਬਣਦਾ ਸਨਮਾਨ ਕਰਦੀਆਂ ਹਨ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦੇ ਮਿਹਨਤਕਸ਼, ਤਜਰਬੇਕਾਰ ਤੇ ਇਮਾਨਦਾਰ ਲੈਕਚਰਾਰ ਸ੍ਰੀਮਤੀ ਖੁਸ਼ਿਵੰਦਰ ਕੌਰ ਦਾ ਸਿੱਖਿਆ ਦੇ ਖੇਤਰ ਚ ਬਹੁਤ ਵਧੀਆ ਸੇਵਾਵਾ ਦੇਣ ਕਾਰਨ ਸਨਮਾਨਿਤ ਕੀਤਾ ਗਿਆ ॥ ਅਰਥਸ਼ਾਸਤਰ ਵਿਸ਼ੇ ਚ ਵਿਦਿਆਰਥੀ ਬਹੁਤ ਘੱਟ ਰੁਚੀ ਰੱਖਦੇ ਹਨ ਪਰ ਖੁਸ਼ਿਵੰਦਰ ਕੌਰ ਜੀ ਦੀ ਮਿਹਨਤ ਬਦੌਲਤ ਪਿੰਡਾਂ ਦੇ ਬੱਚਿਆਂ ਚ ਵਿਸ਼ੇ ਨੂੰ ਲੈ ਕਿ ਰੁਚੀ ਵਧੀ ਸੀ ਤੇ ਵਧੀਆ ਅੰਕ ਲੈ ਕਿ ਪਾਸ ਵੀ ਹੋਏ ਸਨ ॥ਸ੍ਰੀਮਤੀ ਖੁਸ਼ਿਵੰਦਰ ਕੌਰ ਜੀ ਪੜਾਈ ਤੋ ਇਲਾਵਾ ਹੋਰ ਖੇਤਰਾਂ ਚ ਵੀ ਵਧੀਆ ਕੰਮ ਕਰਦੇ ਹਨ॥ ਕੈਰੀਅਰ ਗਾਈਡੈਂਸ ਦੇ ਇੰਨਚਾਰਜ ਹੋਣ ਕਾਰਨ ਉਹਨਾਂ ਹਮੇਸ਼ਾ ਵਿਦਿਆਰਥੀਆਂ ਲਈ ਵੱਖ ਵੱਖ ਵਿਸ਼ੇ ਤੇ ਸੈਮੀਨਾਰ ਲਗਾਏ ਤੇ ਬਹੁਤ ਸਾਰੇ ਬੱਚੇ ਪਲੈਸਮੈਂਟ ਵਾਸਤੇ ਸਮੇਂ ਸਮੇਂ ਤੇ ਭੇਜੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮੌਸਮੀ ਫਲ ਸਬਜ਼ੀਆਂ ਖਾਣ ਨੂੰ ਤਰਜੀਹ ਦਿੱਤੀ ਜਾਵੇ - ਅਸ਼ੌਕ ਕੁਮਾਰ ਐਸ ਆਈ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾ. ਕਿਰਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਐਸ ਐਮ ਓ ਡਾਕਟਰ ਰਾਜੇਸ਼ ਗਰਗ ਜੀ ਦੀ ਯੋਗ ਅਗਵਾਈ ਅਤੇ ਅਸ਼ੌਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਨੱਤ ਵਿਖੇ ਪੋਸ਼ਣ ਮਹੀਨੇ ਤਹਿਤ ਸਾਰੀਆਂ ਗਰਭਵਤੀ ਔਰਤਾਂ ਅਤੇ ਦੁੱਧ ਚੁੰਘਾਉਣ ਵਾਲੀਆਂ ਮਾਵਾਂ ਦਾ ਚੈਕ ਅੱਪ ਦੌਰਾਨ ਆਇਰਨ ਅਤੇ ਆਇਓਡੀਨ ਯੁਕਤ ਭੋਜਨ ਦਾ ਸੇਵਨ ਕਰਨ ਲਈ ਜਾਗਰੂਕ ਕੀਤਾ ਗਿਆ ਅਤੇ ਸੰਤੁਲਿਤ ਭੋਜਨ ਖਾਣ ਲਈ ਜਾਗਰੂਕਤ ਕੀਤਾ ਅਤੇ ਨਿੱਜੀ ਸਫ਼ਾਈ ਦਾ ਖ਼ਾਸ ਧਿਆਨ ਰੱਖਣਾ ਚਾਹੀਦਾ ਹੈ ਖਾਣਾ ਖਾਣ ਤੋਂ ਪਹਿਲਾਂ ਅਤੇ ਬਾਅਦ ਵਿੱਚ ਹੱਥਾਂ ਨੂੰ ਚੰਗੀ ਤਰ੍ਹਾਂ ਸਾਬਨ ਨਾਲ ਧੋਣਾ ਚਾਹੀਦਾ ਹੈ ਤਾਂ ਜੋ ਪੇਟ ਰੋਗਾਂ ਤੋਂ ਬਚਿਆ ਜਾ ਸਕੇ ਅਤੇ ਤਾਂ ਜੋ ਸਿਹਤ ਦੇ ਮਿਆਰ ਉੱਚਾ ਚੁੱਕਿਆ ਜਾ ਸਕੇ ਅਤੇ ਇਸ ਮੌਕੇ ਬਾਲ ਵਿਕਾਸ ਵਿਭਾਗ ਅਤੇ ਸਿਹਤ ਵਿਭਾਗ ਦੇਵ ਮੁਲਾਜਮਾਂ ਨੇ ਗੋਦ ਭਰਾਈ ਦੀ ਰਸਮ ਕਰਵਾਈ ਗਈ ਇਸ ਮੌਕੇ ਸਿਹਤ ਵਿਭਾਗ ਦੇ ਸੁਪਰਵਾਈਜ਼ਰ ਅਸ਼ੌਕ ਕੁਮਾਰ ਅਤੇ ਅੰਜੂ ਬਾਲਾ ਵਿਸ਼ੇਸ ਤੋਰ ਤੇ ਹਾਜ਼ਰ ਹੋਏ ਅਤੇ ਇਸ ਪ੍ਰੋਗਰਾਮ ਮੌਕੇ ਮਨਜੀਤ ਕੌਰ,ਪਰਵਿੰਦਰ ਕੌਰ ਮ,ਪ,ਹ,ਵ (ਫ) ਅਤੇ ਬਲਵਿੰਦਰ ਕੌਰ, ਸੰਦੀਪ ਕੌਰ ਆਂਗਨਵਾੜੀ ਵਰਕਰ ਅਤੇ ਬੇਅੰਤ ਕੌਰ ਸੀ ਐਚ ਓ,ਗੁਰਪ੍ਰੀਤ ਸਿੰਘ,ਗੁਰਵਿੰਦਰ ਸਿੰਘ ਮ,ਪ,ਹ,ਵ (ਮ) ਅਤੇ ਕਿਰਨਜੀਤ ਕੌਰ,ਮਨਦੀਪ ਕੌਰ ਆਂਗਨਵਾੜੀ ਹੈਲਪਰ ਅਤੇ ਸੋਮਾ ਕੌਰ,ਜਸਵਿੰਦਰ ਕੌਰ ਆਸ਼ਾ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਅਰਵਿੰਦ ਕੇਜਰੀਵਾਲ ਨੂੰ ਜਮਾਨਤ ਦੇਣ ’ਤੇ ਦੇਸ਼ ਭਰ ਦੇ ਵਰਕਰਾਂ ’ਚ ਖੁਸ਼ੀ ਦੀ ਲਹਿਰ : ਆਪ ਆਗੂ



ਜਗਸੀਰ ਲੱਡਾ ਆਪ ਆਗੂ | ਅਵਤਾਰ ਸਿੰਘ ਲੱਡਾ ਆਪ ਆਗੂ | ਠੇਕੇਦਾਰ ਗੁਰਦੀਪ ਸਿੰਘ ਆਪ ਆਗੂ | ਅਮਰੀਕ ਸਿੰਘ ਨੰਬਰਦਾਰ ਆਪ ਆਗੂ | ਅਜੈਬ ਸਿੰਘ ਖੇਤ ਵਾਲੇ ਆਪ ਆਗੂ | ਦੀਪ ਸਿੰਘ ਲੱਡਾ ਆਪ ਆਗੂ | ਰਾਜੂ ਲੱਡਾ ਆਪ ਆਗੂ

ਧੂਰੀ ( ਰਣਜੀਤ ਸਿੰਘ ਪੇਧਨੀ ) ਭਾਜਪਾ ਨੇ ਗੰਦੀਆਂ ਖੇਡਾਂ ਖੇਡਦਿਆਂ ਕੇਂਦਰ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਝੂਠੇ ਮੁਕੱਦਮਿਆਂ ਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਵੀ ਕਥਿਤ ਸ਼ਰਾਬ ਘੁਟਾਲੇ ਵਿੱਚ ਬਿਨਾਂ ਠੋਸ ਸਬੂਤਾਂ ਦੇ ਜੇਲ ਵਿੱਚ ਬੰਦ ਕਰ ਦਿੱਤਾ ਗਿਆ ਸੀ। ਪਰ ਮਾਣਯੋਗ ਸੁਪਰੀਮ ਕੋਰਟ ਵੱਲੋਂ ਦੰਧ ਦਾ ਦੁੱਧ ਤੇ ਪਾਣੀ ਦਾ ਪਾਣੀ ਕਰਦਿਆਂ ਸਾਰੀ ਅਰਵਿੰਦ ਕੇਜਰੀਵਾਲ ਨੂੰ ਜਮਾਨਤ ਤੇ ਰਿਹਾਅ ਕਰ ਦਿੱਤਾ ਗਿਆ ਹੈ,ਜਿਸ ਕਾਰਨ ਆਮ ਆਦਮੀ ਪਾਰਟੀ ਦੇ ਹਰ ਵਰਕਰ ਹਰ ਆਗੂ ਵਿੱਚ ਖੁਸ਼ੀ ਦਾ ਆਲਮ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਜਗਸੀਰ ਲੱਡਾ, ਆਪ ਆਗੂ ਅਵਤਾਰ ਸਿੰਘ ਲੱਡਾ, ਆਪ ਆਗੂ ਠੇਕੇਦਾਰ ਗੁਰਦੀਪ ਸਿੰਘ, ਆਪ ਆਗੂ ਅਮਰੀਕ ਸਿੰਘ ਨੰਬਰਦਾਰ, ਆਪ ਆਗੂ ਅਜੈਬ ਸਿੰਘ ਖੇਤ ਵਾਲੇ, ਆਪ ਆਗੂ ਦੀਪ ਸਿੰਘ ਲੱਡਾ ਅਤੇ ਰਾਜੂ ਲੱਡਾ ਨੇ ਸਾਂਝੇ ਤੌਰ ਤੇ ਕੀਤਾ।ਉਨਾਂ ਕਿਹਾ ਕਿ ਅੱਜ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਪੂਰੇ ਦੇਸ਼ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਕਿਉਂਕਿ ਕਥਿਤ ਸ਼ਰਾਬ ਘੁਟਾਲੇ ਵਿੱਚ ਨਾਮਜਦ ਕੀਤੇ ਕਥਿਤ ਦੋਸ਼ੀਆਂ ਨੂੰ ਤੇ ਰਿਹਾਅ ਕੀਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਪਿਛਲੇ ਦੋ ਸਾਲਾਂ ਤੋਂ ਆਮ ਆਦਮੀ ਪਾਰਟੀ ਦੇ ਆਗੂਆਂ ਨੇ ਝੂਠੇ ਮੁਕੱਦਮਿਆਂ ਵਿੱਚ ਫਸਾ ਕੇ ਧੱਕਾ ਕੀਤਾ ਜਾ ਰਿਹਾ ਸੀ ਜਦੋਂ ਕਿ ਇਨਾਂ ਆਗੂਆਂ ਦੀ ਕਾਰਗੁਜਾਰੀ ਤੋਂ ਹਰ ਬੰਦਾ ਪੂਰੀ ਤਰਾਂ ਸੰਤੁਸ਼ਟ ਸੀ।

### ਸਰਬੱਤ ਦਾ ਭਲਾ ਸਾਂਝਾ ਮੰਚ ਵੱਲੋਂ

# ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਬੀਬੀ ਕਵਲਜੀਤ ਕੌਰ ਨੂੰ ਕੀਤਾ ਨਿਯੁਕਤ



**ਜੰਡਿਆਲਾ ਗੁਰੂ, 15 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਸਰਬੱਤ ਦਾ ਭਲਾ ਸਾਂਝਾ ਮੰਚ ਜਥੇਬੰਦੀ ਪੰਜਾਬ ਦੇ ਚੈਅਰਮੈਨ ਅਨਮੋਲ ਰਤਨ ਜੀ ਪੰਜਾਬ ਪ੍ਰਧਾਨ ਬਾਬਾ ਸੁਖਦੀਪ ਸਿੰਘ ਖਾਲਸਾ ਜੀ ਦੀ ਰਹਿਨੁਮਾਈ ਹੇਠ ਹੋਈ ਮੀਟਿੰਗ ਵਿੱਚ ਉੱਘੇ ਸਮਾਜ ਸੇਵਕਾ ਮੈਡਮ ਕੰਵਲਜੀਤ ਕੌਰ ਜੰਡਿਆਲਾ ਗੁਰੂ ਨੂੰ ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਜਥੇਬੰਦੀ ਦੇ ਮਾਝਾ ਜੋਨ ਦੇ ਚੇਅਰਮੈਨ ਸਵਿੰਦਰ ਸਿੰਘ ਭੱਟੀ ਜੋਨ ਜਨਰਲ ਸਕੱਤਰ ਕਸ਼ਮੀਰ ਸਿੰਘ ਜ਼ਿਲ੍ਹਾ ਚੈਅਰਮੈਨ ਕਵਲਜੀਤ ਸਿੰਘ ਸਰਾਂ ਬਾਬਾ ਸੁਰਿੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਸ਼ਹਿਰੀ ਪ੍ਰਧਾਨ ਸਤਨਾਮ ਸਿੰਘ ਵੱਲਾ ਜ਼ਿਲ੍ਹਾ ਵਾਈਸ ਚੇਅਰਮੈਨ ਦਵਿੰਦਰ ਸਿੰਘ ਵਿੱਕੀ ਗਿੱਲ ਜ਼ਿਲ੍ਹਾ ਯੂਥ ਜਨਰਲ ਸੈਕਟਰੀ ਬੱਬੂ ਜੀ ਜ਼ਿਲ੍ਹਾ ਵਾਈਸ ਚੇਅਰਮੈਨ ਆਦਿ ਹਾਜ਼ਰ ਸਨ । ਇਸ ਮੌਕੇ ਮੈਡਮ ਕੰਵਲਜੀਤ ਕੌਰ ਨੇ ਕਿਹਾ ਕਿ ਮੈਂ ਜਥੇਬੰਦੀ ਦੇ ਸਮੂਹ ਆਗੂ ਸਹਿਬਾਨਾਂ ਦਾ ਧੰਨਵਾਦ ਕਰਦੀ ਹਾਂ ਜਿਨ੍ਹਾਂ ਵੱਲੋਂ ਅੱਜ ਮੈਨੂੰ ਇਸਤਰੀ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਨਿਯੁਕਤ ਕਰਕੇ ਮੈਨੂੰ ਜਥੇਬੰਦੀ ਦੀ ਚੜ੍ਹਦੀ ਕਲ੍ਹਾ ਲਈ ਅਤੇ ਸਮਾਜ ਦੀ ਸੇਵਾ ਕਰਨ ਲਈ ਜ਼ਿੰਮੇਵਾਰੀ ਸੌਂਪੀ ਗਈ ਹੈ ਅਤੇ ਮੈਂ ਅੱਜ ਸਮੂਹ ਜਥੇਬੰਦੀ ਦੇ ਆਗੂਆਂ ਨਾਲ ਵਾਅਦਾ ਕਰਦੀ ਹਾਂ ਕਿ ਜੋ ਜ਼ਿੰਮੇਵਾਰੀ ਮੈਨੂੰ ਸੌਂਪੀ ਗਈ ਹੈ ਪ੍ਰਮਾਤਮਾ ਕਿਰਪਾ ਕਰਨ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾ ਸਕਾਂ ਅਤੇ ਸਮਾਜ ਦੀ ਸੇਵਾ ਕਰਕੇ ਆਪਣਾ ਬਣਦਾ ਯੋਗਦਾਨ ਪਾ ਸਕਾਂ।

ਆਵਾਜ਼ਿ ਕੌਮ AWAZE QAUM International Newspaper & WEB TV


**ਜਥੇਬੰਦੀ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗੀ -ਕੰਵਲਜੀਤ ਕੌਰ**

## ਜਮਹੂਰੀਅਤ ਬਹਾਲ ਮੁਜ਼ਾਹਰੇ ਦੇ ਸਮੇਂ ਮਾਨਯੋਗ ਗੁਰਜੰਟ ਸਿੰਘ ਕੱਟੂ ਜੀ, ਪ੍ਰੋ ਮਹਿੰਦਰਪਾਲ ਸਿੰਘ ਜੀ ਅਤੇ ਅੰਮ੍ਰਿਤਪਾਲ ਸਿੰਘ ਸੰਧਰਾ ਜੀ ਨੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਦੀ ਕੀਤੀ ਸਰਾਹਣਾ

# ਇਹੋ ਜਿਹੀਆਂ ਕਿਤਾਬਾਂ ਸਮੇਂ ਦੀ ਮੰਗ ਹਨ ਜੋ ਸਿੱਖਾਂ ਦੀ ਨਸਲਕੁਸ਼ੀ ਦੀ ਹਕੀਕਤ ਬਿਆਨ ਕਰਦੀਆਂ ਹਨ







**INTERNATIONAL DAY OF DEMOCRACY** 15 ਸਤੰਬਰ ਨੂੰ ਮਨਾਇਆ ਜਾਂਦਾ ਹੈ ਅਤੇ ਹਰ ਸਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਇਸ ਦਿਨ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜਮੂਹਰੀਅਤ ਬਹਾਲ ਕਰੋ ਮੁਜ਼ਾਹਰਾ ਸਾਰਾਗੜ੍ਹੀ ਸਰਾਂ ਦੇ ਬਾਹਰ ਹਜ਼ਾਰਾਂ ਦੀ ਤਦਾਦ ਦੇ ਇਕੱਠ ਨਾਲ ਕਰਦੀ ਹੈ। ਕਈ ਸਿੱਖ ਜਥੇਬੰਦੀਆਂ ਇਸ ਮੁਜਹਾਰੇ ਨੂੰ ਆਪਣਾ ਸਮਰਥਣ ਦੇਣ ਪਹੁੰਚਦੇ ਹਨ।ਅੱਜ ਵੀ ਹਜ਼ਾਰਾਂ ਦਾ ਇਕੱਠ ਹੋਇਆ ਅਤੇ ਸਿੱਖ ਕੌਮ ਆਪਣੇ ਹੱਕਾਂ ਲਈ ਜਾਗਰੁਕ ਹੁੰਦੀ ਮਹਿਸੂਸ ਹੋਈ। ਇੰਝ ਲੱਗਾ ਜਿਵੇਂ ਸਿੱਖ ਕੌਮ ਇਕੱਠੇ ਹੋ ਕੇ ਆਪਣੇ ਗਲੋਂ ਭਾਰਤੀ ਤੰਤਰ ਦੀ ਗੁਲਾਮੀ ਲਾਉਣ ਲਈ ਲਾਮਬੱਧ ਹੋ ਰਹੀ ਹੋਵੇ। ਇਸ ਮੌਕੇ ਤੇ ਮਾਨਯੋਗ ਗੁਰਜੰਟ ਸਿੰਘ ਕੱਟੂ ਜੀ (ਪੀ.ਏ ਸ. ਸਿਮਰਨਜੀਤ ਸਿੰਘ ਮਾਨ), ਪ੍ਰੋ ਮਹਿੰਦਰਪਾਲ ਸਿੰਘ ਜੀ (ਕੌਮੀ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ) ਸ. ਅੰਮ੍ਰਿਤਪਾਲ ਸਿੰਘ ਸੰਧਰਾ ਜੀ (ਐਮ.ਪੀ ਉਮੀਦਵਾਰ 2024 ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ) ਜੀ ਨਾਲ ਮੁਲਾਕਾਤ ਹੋਈ। ਉਨਾਂ ਨੂੰ ਜਦੋਂ ਮੈਂ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਅਤੇ ਸਨਮਾਨ ਚਿੰਨ ਭੇਂਟ ਕੀਤੀ ਤਾਂ ਉਨਾਂ ਬਹੁਤ ਹੀ ਜ਼ਿਆਦਾ ਖੁਸ਼ੀ ਜਾਹਿਰ ਕੀਤੀ। ਉਨ੍ਹਾਂ ਨੇ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਜੀ ਦੀ ਕਿਤਾਬ "ਸੰਘਰਸ਼ ਦਾ ਦੌਰ" ਦੀ ਬਹੁਤ ਸਰਾਹਣਾ ਕੀਤੀ। ਉਨ੍ਹਾਂ ਕਿਹਾ ਇਹੋ ਜਿਹੀਆਂ ਕਿਤਾਬਾਂ ਅੱਜ ਸਮੇਂ ਦੀ ਮੰਗ ਹਨ।ਜੋ ਸਿੱਖਾਂ ਦੀ ਨਸਲਕੁਸ਼ੀ ਦੀ ਹਕੀਕਤ ਬਿਆਨ ਕਰਦੀਆਂ ਹਨ।ਸਮੁੱਚੀ ਕੌਮ ਨੂੰ 1984 ਦਾ ਦੁਖਾਂਤ ਦਰਸਾਉਂਦੀਆਂ ਹਨ ਅਤੇ ਪੂਰੀ ਕੌਮ ਨੂੰ ਝਿੰਜੋੜ ਕੇ ਰੱਖ ਦਿੰਦੀਆਂ ਹਨ ਕਿ ਕਿੱਧਰੇ ਅੱਜ ਸਿੱਖ ਕੌਮ ਉਨ੍ਹਾਂ ਯੋਧਿਆਂ ਨੂੰ ਭੁੱਲ ਤਾਂ ਨਹੀਂ ਗਈ ਜਿੰਨ੍ਹਾਂ ਸ਼ਹੀਦਾਂ ਨੇ ਨਿਰਸਵਾਰਥ ਆਪਣੀਆਂ ਜਾਨਾਂ ਸਿੱਖੀ ਸਿਧਾਂਤਾ ਲਈ ਕੁਰਬਾਨ ਕਰ ਦਿੱਤੀਆਂ। ਗੁਰਜੰਟ ਸਿੰਘ ਕੱਟੂ ਜੀ ਅਤੇ ਪ੍ਰੋ ਮਹਿੰਦਰਪਾਲ ਸਿੰਘ ਜੀ ਹਮੇਸ਼ਾਂ ਮੈਨੂੰ ਸਿੱਖੀ ਸਿਧਾਂਤਾ ਨਾਲ ਜੁੜੇ ਕੰਮਾਂ ਲਈ ਉਤਸ਼ਾਹ ਵੀ ਦਿੰਦੇ ਹਨ ਅਤੇ ਦਿਸ਼ਾ ਨਿਰਦੇਸ਼ ਵੀ ਕਰਦੇ ਹਨ। ਇੰਨਾਂ ਵਰਗੇ ਸੁਹਿਰਦ



ਸਿੱਖ ਆਗੂਆਂ ਦੀ ਸੰਗਤ ਨਾਲ ਮੇਰੀ ਸੋਚ ਦਾ ਮਿਆਰ ਵੀ ਉੱਚਾ ਹੁੰਦਾ ਹੈ ਅਤੇ ਸਿੱਖੀ ਸਿਧਾਂਤਾ 'ਤੇ ਚਲਣ ਦਾ ਬਲ ਵੀ ਮਿਲਦਾ ਹੈ। ਗੁਰਜੰਟ ਸਿੰਘ ਕੱਟੂ ਜੀ ਅਤੇ ਪ੍ਰੋ ਮਹਿੰਦਰਪਾਲ ਜੀ ਵੱਲੋਂ ਮੈਨੂੰ ਮਿਲਦੇ ਹਰ ਪਲ ਸਤਿਕਾਰ ਲਈ ਮੈਂ ਹਮੇਸ਼ਾਂ ਧੰਨਵਾਦੀ ਰਹਾਂਗੀ।

**-ਰਸ਼ਿੰਪਦਰ ਕੌਰ ਗਿੱਲ, ਸੰਸਥਾਪਕ ਅਤੇ ਪ੍ਰਧਾਨ ਪੀਂਘਾਂ ਸੋਚ ਦੀਆਂ ਸਾਹਿਤ ਮੰਚ**, +91-9888697078

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਹਾਈ ਸਕੂਲ ਬਸਰਾਏ ਤੋਂ ਅਧਿਆਪਕ ਲਖਵਿੰਦਰ ਸਿੰਘ ਦੀ ਹੋਈ ਬਦਲੀ ਤੇ ਰਿਲੀਵ ਕਰਦੇ ਸਮੇਂ ਕੀਤਾ ਸਨਮਾਨਿਤ

### ਮਿਹਨਤੀ ਤੇ ਇਮਾਨਦਾਰ ਅਧਿਆਪਕ ਦੀ ਬਦਲੀ ਤੇ ਰਿਲੀਵ ਮੌਕੇ ਬੱਚਿਆਂ ਦੇ ਮਾਪੇ ਤੇ ਸਕੂਲ ਸਟਾਫ ਹੋਏ ਭਾਵੁਕ: ਹੈੱਡ ਮਾਸਟਰ ਵਿਜੇ ਕੁਮਾਰ





**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 15 ਸਤੰਬਰ (ਕੁਲਜੀਤ ਸਿੰਘ ਖੋਖਰ)**-ਸਰਕਾਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਸਿੱਖਿਆ ਵਿਭਾਗ ਵੱਲੋਂ ਬਦਲੀਆਂ ਕੀਤੀਆਂ ਗਈਆਂ । ਇਸੇ ਲੜੀ ਤਹਿਤ ਸਕੂਲ ਅਧਿਆਪਕ ਸਰਦਾਰ ਲਖਵਿੰਦਰ ਸਿੰਘ ਮੈਥ ਮਾਸਟਰ ਦੀ ਬਦਲੀ ਮਿਉਚੁਅਲ ਵਿਧੀ ਰਾਹੀਂ ਸਰਕਾਰੀ ਹਾਈ ਸਕੂਲ ਬਸਰਾਏ ਤੋਂ ਲੱਖਣ ਕਲਾਂ ਹੋ ਗਈ ।ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਸਕੂਲ ਹੈਡਮਾਸਟਰ ਕਮ ਬੀ.ਐਨ.ਓ.ਵਿਜੈ ਕੁਮਾਰ ਨੇ ਦੱਸਿਆ ਕਿ ਲਖਵਿੰਦਰ ਸਿੰਘ ਨੇ ਸਕੂਲ ਵਿੱਚ ਲਗਭਗ ਚਾਰ ਸਾਲ ਦੀ ਸੇਵਾ ਨਿਭਾਈ ਜੋ ਕਿ ਕਾਬਲੀਅਤ ਤਰੀਫ ਹੈ ।ਉਸ ਨੇ ਆਪਣਾ ਸਕੂਲ ਕੰਮ ਪੂਰੀ ਇਮਾਨਦਾਰੀ ਲਗਨ ਅਤੇ ਜਿੰਮੇਵਾਰੀ ਨਾਲ ਕੀਤਾ ।ਉਹਨਾਂ ਦੀ ਵਿਦਾਇਗੀ ਸਮੇਂ ਪਹਿਲੀ ਵਾਰ ਹੋਇਆ ਹੈ ਕਿ ਸਕੂਲ ਦੇ ਵਿਦਿਆਰਥੀ ,ਬੱਚਿਆਂ ਦੇ ਮਾਪੇ ਅਤੇ ਸਮੂਹ ਸਟਾਫ ਭਾਵੁਕ ਹੋ ਗਏ। ਇਸ ਵਿਦਾਇਗੀ ਨੂੰ ਯਾਦਗਾਰੀ ਬਣਾਉਣ ਲਈ ਹੈਡ ਮਾਸਟਰ ਵੱਲੋਂ ਬੀਤੇ ਦਿਨੀਂ ਸਕੂਲ ਤੋਂ ਰਿਲੀਵ ਕੀਤਾ ਗਿਆ ਤਾਂ ਜੋ ਇਹ ਦਿਨ ਯਾਦਗਰ ਬਣ ਜਾਵੇ ।ਇਸ ਸਮੇਂ ਭਾਵਕ ਹੁੰਦੇ ਹੋਏ ਲਖਵਿੰਦਰ ਸਿੰਘ ਮੈਥ ਮਾਸਟਰ ਨੇ ਕਿਹਾ ਜੋ ਪਿਆਰ ਮੈਨੂ ਇਸ ਸਕੂਲ ਤੋਂ ਪ੍ਰਾਪਤ ਹੋਇਆ ਹੈ ।ਉਸਦਾ ਮੈਂ ਸਾਰੀ ਉਮਰ ਰਿਣੀ ਰਹਾਂਗਾ। ਇਸ ਸਮੇਂ ਮੈਥ ਮਾਸਟਰ ਬਹੁਤ ਭਾਵੁਕ ਨਜ਼ਰ ਆਏ ਹੈਂਡ ਮਾਸਟਰ ਵੱਲੋਂ ਆਪਣੇ ਸਕੂਲ ਦੇ ਬਹੁਤ ਵਧੀਆ ਅਧਿਆਪਕ ਲਖਵਿੰਦਰ ਸਿੰਘ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਸਮੇਂ ਸਮੂਹ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## 16 ਸਤੰਬਰ ਤੋਂ 19ਸਤੰਬਰ ਤੱਕ ਇੰਨਾ ਇਲਾਕਿਆਂ 'ਚ ਕ੍ਰਮਵਾਰ ਬਿਜਲੀ ਸਪਲਾਈ ਰਹੇਗੀ ਬੰਦ

ਫਿਰੋਜਪੁਰ, 15 ਸਤੰਬਰ (ਸੁਖਮੰਦਰ ਸਿੰਘ ਸ਼ਾਤ)- ਫਿਰੋਜਪੁਰ ਦੇ ਆਸ ਪਾਸ ਇਲਾਕਿਆਂ ਚ ਪੰਜ ਦਿਨ ਬਿਜਲੀ ਸਪਲਾਈ ਪ੍ਰਭਾਵਿਤ ਰਹੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਡੀ ਓ, ਸਹਿਰੀ ਇੰਜ ਪ੍ਰਦੀਪ ਕੁਮਾਰ ਤੇ ਜੇ.ਈ ਸਾਰਜ ਸਿੰਘ ਨੇ ਦੱਸਿਆ ਕਿ ਐਨ ਐਚ, 354 ਰੋਡ ਆਰਿਫ ਕੇ ਤੋਂ ਫਿਰੋਜਪੁਰ ਸੜਕ ਦੇ ਕੰਮ ਵਾਸਤੇ ਖੰਭੇ ਸਿਫਟ ਕਰਨ ਲਈ ਮਿਤੀ 16 ਸਤੰਬਰ ਨੂੰ ਬਹਾਦਰ ਵਾਲਾ ups ਫੀਡਰ ਭਗਤ ਸਿੰਘ UPS ਅਰਬਨ 9 ਵਜੇ ਤੋਂ 5 ਵਜੇ ਤੱਕ ਬਿਜਲੀ ਸਪਲਾਈ ਪਭਾਵਿਤ ਰਹੇਗੀ । ਪਿੰਡਾਂ ਦੀ ਸਪਲਾਈ ਬੰਦ ਰਹੇਗੀ। ਇਸੇ ਤਰਾਂ 17 ਸਤੰਬਰ ਨੂੰ ਅਟਾਰੀ ups ਫੀਡਰ ਸਵੇਰੇ 9 ਤੋਂ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹਿਣ ਕਾਰਨ ਅਟਾਰੀ ਪਿੰਡ, ਅਟਾਰੀਂ ਅੱਡਾ ਤੇ ਈਸੇ ਵਾਲਾ ਪਿੰਡਾਂ ਦੀ ਸਪਲਾਈ ਬੰਦ ਰਹੇਗੀ ਉਨ੍ਹਾਂ ਦੱਸਿਆ ਕਿ 18 ਸਤੰਬਰ ਨੂੰ ਕਟੋਰਾ ਫੀਡਰ ਸਮਾਂ ਸ9 ਵਜੇ ਤੋਂ 5 ਵਜੇ ਤੱਕ ਬਿਜਲੀ ਸਪਲਾਈ ਬੰਦ ਹੋਣ ਕਾਰਨ ਪਿੰਡ ਜੀਵਾਂ ਭੇਡੀਆਂ, ਕਟਰਾ, ਵਾਹਕਾਮੜ ਤੇ ਨਿਜਾਮ ਵਾਲਾ ਪਿੰਡਾਂ ਦੀ ਸਪਲਾਈ ਬੰਦ ਪ੍ਰਭਾਵਿਤ ਹੋਵੇਗੀ ਤੇ ਮਿਤੀ 19ਸਤੰਬਰ ਅਟਾਰੀ ups ਫੀਡਰ ਦੀ ਸਪਲਾਈ ਸਵੇਰੇ 9 ਤੋਂ 5 ਵਜੇ ਤੱਕ ਬੰਦ ਰਹਿਣ ਕਾਰਨ ਭਗਤ ਸਿੰਘ ਨਰਸਿੰਗ ਕਾਲਜ, ਪਿੰਡ ਭੱਦਰ, ਆਮੇ ਵਾਲਾ ਅਤੇ ਬਹਾਦਰ ਵਾਲਾ ਦੀ ਸਪਲਾਈ ਬੰਦ ਰਹੇਗੀ। ਇਸੇ ਤਰ੍ਹਾਂ 16 ਸਤੰਬਰ ਤੋਂ 19 ਸਤੰਬਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ। ਮੋਬਾਈਲ 8013500072।

ਆਵਾਜ਼ਿ ਕੌਮ AWAZE QAUM International Newspaper & WEB TV



ਜਨਮ ਦਿਨ ਮੁਬਾਰਕ

**ਮਨਰਾਜ ਸਿੰਘ ਬਾਠ**
ਪਿਤਾ : ਰਵਿੰਦਰ ਸਿੰਘ ਬਾਠ
ਮਾਤਾ : ਰਣਜੀਤ ਕੌਰ ਬਾਠ ਚੰਨਣਕੇ
(ਫੋਟੋ ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਵੱਲੋਂ

# ਗੋਇੰਦਵਾਲ ਸਾਹਿਬ ਵਿਖੇ ਗੁਰੂ ਲੰਗਰਾਂ ਦੀ ਅਰੰਭਤਾ ਕੀਤੀ ਗਈ

**ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹੈੱਡ ਗ੍ਰੰਥੀ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘੁਬੀਰ ਸਿੰਘ ਜੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਭਾਈ ਸੁਲਤਾਨ ਸਿੰਘ ਜੀ ਮਹਾਨ ਵਿਦਿਵਾਨ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ।**










ਆਵਾਜ਼ਿ ਕੌਮ AWAZE QAUM International Newspaper & WEB TV









**ਚੌਕ ਮਹਿਤਾ, 15 ਸਤੰਬਰ ਬਾਬਾ ਸੁਖਵੰਤ ਸਿੰਘ ਚੰਨਣਕੇ**)-ਦਮਦਮੀ ਟਕਸਾਲ ਦੇ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਜੀ ਦੀ ਅਗਵਾਈ ਹੇਠ450 ਸਾਲਾ ਧੰਨ ਧੰਨ ਸਾਹਿਬ ਸ਼੍ਰੀ ਅਮਰਦਾਸ ਸਾਹਿਬ ਜੀ ਮਹਾਰਾਜ ਸਾਹਿਬ ਜੀ ਦੇ ਜੋਤੀ ਜੋਤਿ ਦਿਹਾੜੇ ਅਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਮਹਾਰਾਜ ਜੀ ਦੇ ਗੁਰਤਾ ਗੱਦੀ ਗੁਰਪੁਰਬ ਦੀਆਂ ਮਹਾਨ ਸ਼ਤਾਬਦੀਆਂ 'ਤੇ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਗੁ: ਸ਼੍ਰੀ ਬਾਉਲੀ ਸਾਹਿਬ ( ਸ਼੍ਰੀ ਗੋਇੰਦਵਾਲ ਸਾਹਿਬ ਜੀ) ਵਿਖੇ ਬਹੁਤ ਭਾਰੀ ਲੰਗਰਾਂ ਦੀਆਂ ਸੇਵਾਵਾਂ ਦੀ ਅੱਜ ਆਰੰਭਤਾ ਹੋਈ ।ਇਸ ਸਮੇਂ ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹੈੱਡ ਗ੍ਰੰਥੀ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘੁਬੀਰ ਸਿੰਘ ਜੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਭਾਈ ਸੁਲਤਾਨ ਸਿੰਘ ਜੀ ਮਹਾਨ ਵਿਦਿਵਾਨ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ , ਸੰਤ ਬਾਬਾ ਗੁਰਦੇਵ ਸਿੰਘ ਜੀ ਤਰਸਿੱਕੇ ਵਾਲੇ , ਸੰਤ ਬਾਬਾ ਅਜੀਤ ਸਿੰਘ ਜੀ ਮੁਖੀ ਤਰਨਾ ਦਲ ਮਹਿਤਾ ਚੌਂਕ ਅਤੇ ਹੋਰ ਵੀ ਸੰਤ ਮਹਾਂਪੁਰਸ਼ ਅਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਹੋਰ ਵੀ ਮਹਾਨ ਹਸਤੀਆਂ ਲੰਗਰਾਂ ਦੀ ਆਰੰਭਤਾ ਸਮੇਂ ਹਾਜਰ ਸਨ ।ਇਹਨਾਂ ਲੰਗਰਾਂ ਲਈ ਦਮਦਮੀ ਟਕਸਾਲ ਦੇ ਮਹਾਨ ਵਿਦਿਵਾਨ ਗਿਆਨੀ ਜੀਵਾ ਸਿੰਘ ਜੀ ਨੇ ਟੋਰਾਂਟੋ ( ਕਨੇਡਾ ) ਤੋਂ ਪੰਜ ਲੱਖ ਰੁਪੈ ਦੀ ਸੇਵਾ ਭੇਜੀ ਹੈ ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਵੱਲੋਂ**

# ਗੋਇੰਦਵਾਲ ਸਾਹਿਬ ਵਿਖੇ ਗੁਰੂ ਲੰਗਰਾਂ ਦੀ ਅਰੰਭਤਾ ਕੀਤੀ ਗਈ

**ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹੈੱਡ ਗ੍ਰੰਥੀ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘੁਬੀਰ ਸਿੰਘ ਜੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਭਾਈ ਸੁਲਤਾਨ ਸਿੰਘ ਜੀ ਮਹਾਨ ਵਿਦਵਾਨ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ।**














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਮਦਮੀ ਟਕਸਾਲ ਜਥਾ ਭਿੰਡਰਾ ਮਹਿਤਾ ਵੱਲੋਂ

# ਗੋਇੰਦਵਾਲ ਸਾਹਿਬ ਵਿਖੇ ਗੁਰੂ ਲੰਗਰਾਂ ਦੀ ਅਰੰਭਤਾ ਕੀਤੀ ਗਈ

**ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹੈੱਡ ਗ੍ਰੰਥੀ ਅਤੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਗਿਆਨੀ ਰਘੁਬੀਰ ਸਿੰਘ ਜੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਭਾਈ ਸੁਲਤਾਨ ਸਿੰਘ ਜੀ ਮਹਾਨ ਵਿਦਿਵਾਨ ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ।**
























ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ੍ ਅਮਰੀਕ ਸਿੰਘ ਦੇਵਗਨ ਤੇ ਬੀਬੀ ਬਲਵਿੰਦਰ ਕੌਰ ਦੇਵਗਨ ਦੇ ਪਰਵਾਰ ਵੱਲੋਂ

# ਗੁਰੂ ਸਾਹਿਬ ਜੀ ਦੇ ਸ਼ੁਕਰਾਨੇ ਕਰਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਸਹਿਬ ਗੁਰਦੁਆਰਾ ਵੁਲਵਰਹੈਪਟਨ ਵਿਖੇ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ











ਸ੍ ਅਮਰੀਕ ਸਿੰਘ ਦੇਵਗਨ ਤੇ ਬੀਬੀ ਬਲਵਿੰਦਰ ਕੌਰ ਦੇਵਗਨ ਦੇ ਪਰਵਾਰ ਵੱਲੋ ਗੁਰੂ ਸਾਹਿਬ ਜੀ ਦੇ ਸ਼ੁਕਰਾਨੇ ਕਰਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਸਹਿਬ ਗੁਰਦੁਆਰਾ ਵੁਲਵਰਹੈਪਟਨ ਵਿਖੇ ਰਖਾਏ ਹੋਏ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਵਾਏ ਗਏ ਗੁਰਦੁਆਰਾ ਸਾਹਿਬ ਦੇ ਰਾਗੀ ਜੱਥੇ ਨੇ ਕੀਰਤਨ ਦਰਬਾਰ ਦੀ ਆਰੰਭਤਾ ਕੀਤੀ ਗੁਰੂ ਨਾਨਕ ਦੇਵ ਜੀ ਗੁਰਦੁਆਰਾ ਵੇਰਕਾ ਤੋ ਆਏ ਸਿੰਘ ਸਾਹਿਬ ਜੀ ਨੇ ਕਥਾ ਕੀਤੀ ਪੰਥ ਪ੍ਰਸਿੱਧ ਢਾਡੀ ਜੱਥਾ ਭਾਈ ਸੁਖਦੇਵ ਸਿੰਘ ਬੂਹ ਸਰਪੰਚ ਢਾਡੀ ਗੁਰਲਾਲ ਸਿੰਘ ਸਾਰੰਗੀ ਮਾਸਟਰ ਗੁਰਸਾਹਿਬ ਸਿੰਘ ਢਾਡੀ ਗੁਰਭੇਜ ਸਿੰਘ ਹਰੀਕੇ ਨੇ ਗੁਰੂ ਇਤਿਹਾਸ ਦੀਆ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਸੰਗਤਾ ਵਿੱਚ ਭਾਈ ਰਘਬੀਰ ਸਿੰਘ ਬੀਰਾ ਭਾਈ ਦਇਆ ਸਿੰਘ ਭਾਈ ਸਰਬਜੀਤ ਸਿੰਘ ਸੰਘਾ ਭਾਈ ਜਤਿੰਦਰ ਸਿੰਘ ਭਾਈ ਰਘਬੀਰ ਸਿੰਘ ਗੀਰਾ ਭਾਈ ਗੁਰਦਿਆਲ ਸਿੰਘ ਧਾਲੀਵਾਲ ਭਾਈ ਜੋਗਾ ਭਾਈ ਗੁਰਜੀਤ ਸਿੰਘ ਜੌਹਲ ਭਾਈ ਕੁਲਵੰਤ ਸਿੰਘ ਢੇਸੀ ਭਾਈ ਹਰਮਿੰਦਰ ਸਿੰਘ ਦਿਓਲ ਭਾਈ ਕਪਤਾਨ ਸਿੰਘ ਇੰਟਰਨੈਸ਼ਨਲ ਪੰਥਕ ਦੱਲ ਨੇ ਹਾਜਰੀ ਲਵਾਈ ਵੱਡੀ ਵਿੱਚ ਸੰਗਤਾ ਨੇ ਹਾਜਰੀ ਭਰੀ ਸ਼੍ ਅਮਰੀਕ ਸਿੰਘ ਤੇ ਬੀਬੀ ਬਲਵਿੰਦਰ ਕੌਰ ਦੇਵਗਨ ਦੇ ਪਰਿਵਾਰ ਵੱਲੋਂ ਆਈਆ ਸੰਗਤਾ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੱਸੂ ਮਹੀਨੇ ਦੀ ਸੰਗਰਾਂਦ 'ਤੇ ਵਿਸ਼ੇਸ਼

**ਅਸੁਨਿ**

ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ ।।
ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ ।।
ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ।।
ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ ।।
ਜਿੰਨੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ ।।
ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ।।
ਜੋ ਹਰਿ ਕੰਤ ਮਿਲਾਈਆ ਸੇ ਵਿਛੁੜਿ ਕਤਹਿ ਨ ਜਾਇ।।
ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ।।
ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ।।8 ।।

ਸਰਬ ਜਗਤ ਉਧਾਰ ਕਰਤਾ ਬ੍ਰਹਮ-ਗਿਆਨ ਦੇ ਸਾਗਰ ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਨੇ ਬਾਰਹ ਮਾਹਾ ਬਾਣੀ ਦੀ ਇਸ ਪਉੜੀ ਅੰਦਰ ਅੱਸੂ ਦੇ ਮਹੀਨੇ ਦੀ ਠੰਢੀ-ਮਿੱਠੀ ਰੁੱਤ ਵਿੱਚ ਸੰਤ, ਸਤਿਗੁਰੂ ਦਾ ਉਪਦੇਸ਼ ਲੈ ਕੇ ਮਨੁੱਖ ਨੂੰ ਗੋਬਿੰਦ ਦੀ ਪ੍ਰਾਪਤੀ ਕਰਨ ਵਾਲਾ ਅਨੰਦਮਈ ਜੀਵਨ ਪ੍ਰਾਪਤ ਕਰਨ ਦੀ ਜਾਚ ਦੱਸੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ।।

ਪਦ ਅਰਥ : ਅਸੁਨਿ --ਅੱਸੂ ਦੇ ਮਹੀਨੇ ਵਿੱਚ, ਆਸ਼ਾਵਾਂ ਭਰੇ ਜੀਵਨ ਵਿੱਚ, ਉਮਾਹੜਾ --ਉਛਾਲਾ, ਕਿਉ--ਕਿਸ ਤਰੀਕੇ, ਜਾਇ--ਜਾ ਕੇ ।

ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜਿਗਿਆਸੂ ਰੂਪ ਇਸਤਰੀ ਦੁਆਰਾ ਉਪਦੇਸ਼ ਦਿੰਦੇ ਹਨ ਕਿ ਅੱਸੂ ਦੀ ਠੰਢੀ-ਮਿੱਠੀ ਰੁੱਤ ਭਾਵ ਆਸ਼ਾਵਾਂ ਭਰੇ ਜੀਵਨ ਵਿੱਚ ਸਤਿਸੰਗਤ ਦੀ ਠੰਡੀ-ਮਿੱਠੀ ਹਵਾ, ਪ੍ਰਭੂ ਦੀ ਸਿਫ਼ਤ-ਸਲਾਹ ਸੁਣਨ ਤੋਂ ਮੇਰੇ ਹਿਰਦੇ ਅੰਦਰ ਪ੍ਰਭੂ ਪ੍ਰੇਮ ਦਾ ਉਛਾਲਾ ਆਇਆ ਹੈ ਕਿ ਸੱਚੇ ਪ੍ਰਭੂ ਨੂੰ ਕਿਵੇਂ ਜਾ ਕੇ ਮਿਲਾਂ ।

ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ।।

ਪਦ ਅਰਥ : ਮਨਿ-- ਮਨ ਵਿੱਚ, ਤਨਿ--ਸਰੀਰ ਵਿੱਚ, ਘਣੀ-ਬਹੁਤੀ, ਆਣਿ --ਲਿਆ ਕੇ ।

ਅਰਥ : ਮੇਰੇ ਮਨ ਵਿੱਚ ਤੇ ਮੇਰੇ ਸਰੀਰ ਦੇ ਅੰਗ-ਅੰਗ ਵਿੱਚ ਪ੍ਰਭੂ ਦਰਸ਼ਨ ਦੀ ਬਹੁਤ ਹੀ ਪਿਆਸ ਲੱਗੀ ਹੋਈ ਹੈ ਭਾਵ ਪ੍ਰਭੂ ਦੇ ਮਿਲਣ ਦੀ ਤੀਬਰ ਇੱਛਾ ਹੈ ਤੇ ਮੈਂ ਇਸ ਢੂੰਡ ਵਿੱਚ ਹਾਂ ਕਿ ਪ੍ਰਭੂ ਦੇ ਮਿਲਾਪ ਵਿੱਚ ਕੋਈ ਮੇਰੀ ਸਹਾਇਤਾ ਕਰੇ ।

ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ।।

ਪਦ ਅਰਥ : ਸਹਾਈ--ਸਹਾਇਤਾ, ਪ੍ਰੇਮ ਕੇ -- ਪ੍ਰਭੂ ਦੇ ਪਿਆਰ ਵਿੱਚ, ਪਾਇ--ਚਰਨੀਂ

ਅਰਥ : ਇਸ ਢੂੰਡ ਵਿੱਚ ਮੈਨੂੰ ਪਤਾ ਲੱਗਿਆ ਹੈ ਕਿ ਮਹਾਤਮਾ ਪੁਰਸ਼ ਇਸ ਪ੍ਰੇਮ ਮਾਰਗ ਭਾਵ ਪਰਮਾਤਮਾ ਦੇ ਮਿਲਾਪ ਵਿੱਚ ਸਹਾਇਤਾ ਕਰਨ ਲਈ ਸਮਰੱਥ ਹਨ, ਇਸ ਕਾਰਨ ਮੈਂ ਨਿਮਰਤਾ ਸਹਿਤ ਉਹਨਾਂ ਸੰਤ ਜਨਾਂ ਦੇ ਚਰਨੀਂ ਲੱਗਦੀ ਹਾਂ ।

ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ।।

ਪਦ ਅਰਥ : ਜਾਇ-- ਥਾਂ, ਜਗ੍ਹਾ ।

ਅਰਥ : ਇਹ ਸੰਤਾਂ ਦੀ ਸ਼ਰਨ ਪ੍ਰਾਪਤ ਕਰਨ ਦਾ ਉਪਰਾਲਾ ਤੇ ਪ੍ਰਭੂ ਨੂੰ ਮਿਲਣ ਦੀ ਤਾਂਘ ਇਸ ਲਈ ਕਰਦੀ ਹਾਂ ਕਿ ਪ੍ਰਭੂ ਦੇ ਮਿਲਾਪ ਤੋਂ ਬਿਨਾਂ ਹੋਰ ਕਿਸੇ ਤਰ੍ਹਾਂ ਵੀ ਆਤਮਿਕ ਸੁੱਖ ਪ੍ਰਾਪਤ ਨਹੀਂ ਹੋ ਸਕਦਾ, ਪ੍ਰਭੂ ਤੋਂ ਬਿਨਾਂ ਹੋਰ ਕੋਈ ਜਗ੍ਹਾ ਸੁੱਖ ਦੇਣਹਾਰੀ ਨਹੀਂ ਹੈ ।

ਜਿੰਨੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ।।

ਪਦ ਅਰਥ : ਚਾਖਿਆ--ਮਾਣਿਆ, ਤ੍ਰਿਪਤਿ-- ਰੱਜ ਗਏ, ਆਘਾਇ -- ਬਹੁਤੇ ਰੱਜ ਗਏ।

ਅਰਥ : ਹੇ ਭਾਈ ! ਇਹ ਗੱਲ ਪ੍ਰਤੱਖ ਹੈ ਕਿ ਜਿਨ੍ਹਾਂ ਨੇ ਪਰਮਾਤਮਾ ਨਾਲ ਪ੍ਰੇਮ ਕੀਤਾ ਹੈ ਉਹਨਾਂ ਨੂੰ ਆਤਮਿਕ ਸੋਝੀ ਪ੍ਰਾਪਤ ਹੋਈ ਹੈ ਤੇ ਉਹਨਾਂ ਨੂੰ ਐਸੀ ਤ੍ਰਿਪਤੀ ਆਈ ਹੈ ਕਿ ਉਹਨਾਂ ਨੂੰ ਦੁਨੀਆਂ ਦੇ ਪਦਾਰਥਾਂ ਦੀ ਭੁੱਖ ਲੱਗਦੀ ਹੀ ਨਹੀਂ।

ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ।।

ਪਦ ਅਰਥ : ਆਪੁ ਤਿਆਗਿ -- ਹੰਕਾਰ ਰਹਿਤ ਹੋ ਕੇ, ਲੜਿ-- ਪੱਲਾ, ਆਸਰਾ ।

ਅਰਥ : ਉਹ ਜਿਗਿਆਸੂ ਹਉਮੈਂ ਹੰਕਾਰ ਨੂੰ ਛੱਡ ਕੇ ਨਿਮਰਤਾ ਸਹਿਤ ਬੇਨਤੀ ਕਰਦੇ ਹਨ ਕਿ ਹੇ ਵਾਹਿਗੁਰੂ ਜੀ ! ਸਾਨੂੰ ਆਪਣੇ ਚਰਨਾਂ ਦਾ ਹੀ ਆਸਰਾ ਬਖ਼ਸ਼ੋ।

ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ ।।

ਪਦ ਅਰਥ : ਹਰਿ ਕੰਤਿ --ਪ੍ਰਭੂ ਪਤੀ, ਮਿਲਾਈਆ -- ਮੇਲੀਆਂ ਹਨ, ਕਤਹਿ--ਕਦੇ ਵੀ।

ਅਰਥ : ਜਿਨ੍ਹਾਂ ਵਡਭਾਗੀ ਜੀਵ ਇਸਤਰੀਆਂ ਨੂੰ ਉਸ ਪ੍ਰਭੂ ਪਤੀ ਨੇ ਆਪਣੇ ਨਾਲ ਮਿਲਾ ਲਿਆ ਹੈ, ਉਹਨਾਂ ਨੂੰ ਫਿਰ ਪ੍ਰਭੂ ਦੇ ਮਿਲਾਪ ਤੋਂ ਵਿਛੋੜਾ ਹੁੰਦਾ ਹੀ ਨਹੀਂ ।

ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ।।

ਪਦ ਅਰਥ : ਵਿਣੁ-- ਬਿਨਾਂ, ਸਰਣਾਇ--ਹਰੀ ਦੀ ਸ਼ਰਨ ਲੈ ਲਈ ।

ਅਰਥ : ਅਜਿਹਾ ਮਾਲਕ ਮੁੜ ਕੇ ਨਾ ਵਿੱਛੜਨ ਵਾਲੇ ਪ੍ਰਭੂ ਤੋਂ ਬਿਨਾਂ ਹੋਰ ਕੋਈ ਨਹੀਂ ਹੈ । ਇਸ ਲਈ ਮੈਂ ਤਾਂ ਉਸੇ ਹਰੀ ਦੀ ਸ਼ਰਨ ਹੀ ਗ੍ਰਹਿਣ ਕੀਤੀ ਹੈ ।

ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ।।8।।

ਪਦ ਅਰਥ : ਮਇਆ--ਮਿਹਰ, ਹਰਿ ਰਾਇ --ਪ੍ਰਭੂ ਪਾਤਸ਼ਾਹ।

ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਅੱਸੂ ਦੇ ਮਹੀਨੇ ਦੁਆਰਾ ਫ਼ਰਮਾਨ ਕਰਦੇ ਹਨ ਕਿ ਇਸ ਆਸ਼ਾਵਾਂ ਭਰੇ ਮਨੁੱਖੀ ਜੀਵਨ ਵਿੱਚ ਉਹ ਜੀਵ ਇਸਤਰੀਆਂ ਸੁਖੀ ਵੱਸਦੀਆਂ ਹਨ ਜਿਨ੍ਹਾਂ ਤੇ ਸੱਚੇ ਪਰਮੇਸ਼ਰ ਦੀ ਕਿਰਪਾ ਹੋਈ ਹੈ ।

> **ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ ॥ ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ ॥**
>
> ਹੇ ਮਾਂ! (ਭਾਦਰੋਂ ਦੇ ਘੁੰਮੇ ਤੇ ਤ੍ਰਾਟਕੇ ਲੰਘਣ ਪਿਛੋਂ) ਅੱਸੂ (ਦੀ ਮਿੱਠੀ ਮਿੱਠੀ ਰੁੱਤ) ਵਿਚ (ਮੇਰੇ ਅੰਦਰ ਪ੍ਰਭੂ-ਪਤੀ ਦੇ) ਪਿਆਰ ਦਾ ਉਛਾਲਾ ਆ ਰਿਹਾ ਹੈ। (ਮਨ ਤੜਫਦਾ ਹੈ ਕਿ) ਕਿਸੇ ਨਾ ਕਿਸੇ ਤਰ੍ਹਾਂ ਚੱਲ ਕੇ ਪ੍ਰਭੂ-ਪਤੀ ਨੂੰ ਮਿਲਾਂ। ਮੇਰੇ ਮਨ ਵਿਚ ਮੇਰੇ ਤਨ ਵਿਚ ਪ੍ਰਭੂ ਦੇ ਦਰਸਨ ਦੀ ਬੜੀ ਪਿਆਸ ਲੱਗੀ ਹੋਈ ਹੈ (ਚਿੱਤ ਲੋਚਦਾ ਹੈ ਕਿ) ਕੋਈ (ਉਸ ਪਤੀ ਨੂੰ) ਲਿਆ ਕੇ ਮੇਲ ਕਰਾ ਦੇਵੇ।
>
> In the month of Assu, my love for the Lord overwhelms me. How can I go and meet the Lord? My mind and body are so thirsty for the Blessed Vision of His Darshan. Won't someone please come and lead me to him, O my mother.

ਭਾਵ ਅਰਥ : ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਬੀਤ ਰਹੇ ਸਮੇਂ ਵੱਲ ਨਜ਼ਰ ਪਵਾ ਕੇ ਮਨੁੱਖ ਨੂੰ ਸੱਚ ਨਾਲ ਜੋੜਨ ਦੀ ਕਿਰਪਾ ਕਰਦੇ ਹਨ, ਇਸਤਰੀ ਤੇ ਪਤੀ ਦਾ ਦ੍ਰਿਸ਼ਟਾਂਤ ਦਿੰਦੇ ਹਨ ਕਿ ਜਿਵੇਂ ਭਾਦੋਂ ਦੀ ਗਰਮੀ ਤੋਂ ਦੁਖੀ ਹੋ ਕੇ ਇਸਤਰੀ ਪਤੀ ਸੇਵਾ ਤੋਂ ਮੁੱਖ ਮੋੜ ਲੈਂਦੀ ਹੈ ਤੇ ਆਪਣੇ ਸਰੀਰ ਤੇ ਪਦਾਰਥਾਂ ਨਾਲ ਮੋਹ ਪਾ ਲੈਂਦੀ ਹੈ ਤਾਂ ਮਾਲਕ ਉਸ ਨੂੰ ਦੂਰ ਕਰ ਦਿੰਦਾ ਹੈ। ਉਹ ਹੋਰ ਵੀ ਜ਼ਿਆਦਾ ਦੁਖੀ ਹੁੰਦੀ ਹੈ, ਅੱਸੂ ਦੀ ਠੰਢੀ ਮਿੱਠੀ ਰੁੱਤ ਆਉਣ 'ਤੇ ਉਸ ਦੇ ਮਨ ਵਿੱਚ ਆਪਣੇ ਪਤੀ ਲਈ ਤਾਂਘ ਪੈਦਾ ਹੁੰਦੀ ਹੈ ਤੇ ਵਿਚੋਲਿਆਂ ਦੀ ਸਹਾਇਤਾ ਨਾਲ ਮਾਲਕ ਦਾ ਮਿਲਾਪ ਹਾਸਲ ਕਰਕੇ ਸੁਖੀ ਹੁੰਦੀ ਹੈ । ਇਸ ਤਰ੍ਹਾਂ ਮਨੁੱਖ ਦਵੈਤ-ਭਾਵ ਵਿੱਚ ਪੈ ਕੇ ਸੱਚੇ ਪ੍ਰਭੂ ਮਾਲਕ ਨੂੰ ਵਿਸਾਰ ਦਿੰਦਾ ਹੈ, ਝੂਠੀ ਮਾਇਆ ਵਿੱਚ ਮੋਹ ਪਾ ਲੈਂਦਾ ਹੈ, ਕਾਮ ਆਦਿਕ ਵਿੱਚ ਦੁਖੀ ਹੁੰਦਾ ਰਹਿੰਦਾ ਹੈ । ਰੱਬ ਦੀ ਮਿਹਰ ਹੋਣ ਤੇ ਇਸ ਦੇ ਜੀਵਨ ਵਿੱਚ ਸਤਿਸੰਗ ਦੀ ਠੰਢੀ-ਮਿੱਠੀ ਹਵਾ ਪ੍ਰਾਪਤ ਕਰਨ ਦਾ ਸਮਾਂ ਆ ਜਾਂਦਾ ਹੈ । ਗੁਰਮਤਿ ਵਿੱਚ ਸੁਹਾਵਨਾ ਦਿਨ ਜਾਂ ਚੰਗੀ ਰੁੱਤ ਉਸ ਸਮੇਂ ਨੂੰ ਆਖਿਆ ਹੈ ਜਿਸ ਸਮੇਂ ਵਾਹਿਗੁਰੂ ਚਿੱਤ ਆਵੇ, ਸਤਿਗੁਰੂ ਦਾ ਫ਼ਰਮਾਨ ਹੈ: ਨਾਨਕ ਸੋਈ ਦਿਨਸੁ ਸੁਹਾਵੜਾ ਜਿਤੁ ਪ੍ਰਭੁ ਆਵੈ ਚਿਤਿ ।।

(ਗਉੜੀ ਕੀ ਵਾਰ, ਅੰਗ 318)

ਅਨੁਸਾਰ ਸਤਿਸੰਗੀ ਮਨੁੱਖ ਜਦੋਂ ਪ੍ਰਭੂ ਦੀਆਂ ਠੰਡੀਆਂ- ਮਿੱਠੀਆਂ ਗੱਲਾਂ ਸੁਣਦਾ ਹੈ ਤਾਂ ਉਸ ਦੇ ਹਿਰਦੇ ਅੰਦਰ ਪ੍ਰਭੂ ਨੂੰ ਮਿਲਣ ਲਈ ਤਾਂਘ ਪੈਦਾ ਹੁੰਦੀ ਹੈ ਤੇ ਇਸ ਮਿਲਾਪ ਵਿੱਚ ਸਹਾਇਤਾ ਦੇਣ ਵਾਲੇ ਸੰਤ ਜਨ (ਸਤਿਗੁਰੂ) ਹਨ ਜੋ ਪ੍ਰਭੂ ਨਾਲ ਮਿਲੇ ਹੋਏ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243